ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 9 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੭ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243


## ਪੰਜਾਬ ਪੁਲਸ ਨੇ 12 ਘੰਟਿਆਂ ਦੇ ਅੰਦਰ ਮਾਮਲਾ ਕੀਤਾ ਹੱਲ

# ਭਾਜਪਾ ਨੇਤਾ ਦੇ ਘਰ 'ਤੇ ਗ੍ਰਨੇਡ ਹਮਲਾ

**ਜਲੰਧਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਇੱਕ ਸੁਰੱਖਿਅਤ ਅਤੇ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੇ ਵਿਚਕਾਰ ਇੱਕ ਵੱਡੀ ਸਫਲਤਾ ਵਿੱਚ, ਪੰਜਾਬ ਪੁਲਸ ਨੇ 12 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਪਾਕਿ-ਆਈਐਸਆਈ ਸਮਰਥਿਤ ਅੱਤਵਾਦੀ



ਮਾਡਿਊਲ ਦੁਆਰਾ ਬਣਾਏ ਗਏ ਭਾਜਪਾ ਨੇਤਾ ਦੇ ਘਰ 'ਤੇ ਹੋਏ ਹੈਂਡ ਗ੍ਰਨੇਡ ਹਮਲੇ ਦੇ ਮਾਮਲੇ ਨੂੰ ਸੁਲਝਾ ਲਿਆ ਹੈ, ਇਸ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ 12 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸ਼ਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਮੰਗਲਵਾਰ ਨੂੰ ਇੱਥੇ ਪਹੁੰਚੇ। ਸ਼ੁਰੂਆਤੀ ਜਾਂਚ ਵਿੱਚ ਪਾਕਿਸਤਾਨ ਦੀ ਆਈਐਸਆਈ ਦੁਆਰਾ ਪੰਜਾਬ ਵਿੱਚ ਫਿਰਕੂ ਸਦਭਾਵਨਾ ਨੂੰ ਭੰਗ ਕਰਨ ਲਈ ਰਚੀ ਗਈ ਇੱਕ ਵੱਡੀ ਸਾਜ਼ਿਸ਼ ਦਾ ਖੁਲਾਸਾ ਹੋਇਆ ਹੈ। ਇਹ ਸਾਜ਼ਿਸ਼ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਪਾਕਿਸਤਾਨ ਸਥਿਤ ਆਈਐਸਆਈ-ਪ੍ਰਯੋਜਿਤ ਗੈਂਗਸਟਰ ਸ਼ਿਹਜ਼ਾਦ ਭੱਟੀ ਦੇ ਨਜ਼ਦੀਕੀ ਸਾਥੀ ਜ਼ੀਸ਼ਾਨ ਅਖਤਰ ਦੁਆਰਾ ਰਚੀ ਗਈ ਸੀ। ਸ਼ਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਆਈਜੀਪੀ ਹੈੱਡਕੁਆਰਟਰ ਡਾ: ਸੁਖਚੈਨ ਸਿੰਘ ਗਿੱਲ ਦੇ ਨਾਲ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੁਲਿਸ ਟੀਮਾਂ ਨੇ ਅਪਰਾਧ ਨੂੰ ਅੰਜਾਮ ਦੇਣ ਲਈ ਮੁਲਜ਼ਮਾਂ ਦੁਆਰਾ ਵਰਤਿਆ ਗਿਆ ਇੱਕ ਈ-ਰਿਕਸ਼ਾ ਵੀ ਬਰਾਮਦ ਕੀਤਾ ਹੈ। ਜਾਣਕਾਰੀ ਅਨੁਸਾਰ, ਸੋਮਵਾਰ ਅਤੇ ਮੰਗਲਵਾਰ ਦੀ ਵਿਚਕਾਰਲੀ ਰਾਤ ਨੂੰ ਸੈਂਟਰਲ ਟਾਊਨ ਜਲੰਧਰ ਵਿੱਚ ਸਥਿਤ ਸੀਨੀਅਰ ਭਾਜਪਾ ਨੇਤਾ ਮਨੋਰੰਜਨ ਕਾਲੀਆ ਦੇ ਘਰ 'ਤੇ ਧਮਾਕਾ ਹੋਇਆ। ਜਲੰਧਰ ਕਮਿਸ਼ਨਰੇਟ ਦੀਆਂ ਪੁਲਿਸ ਟੀਮਾਂ ਤੁਰੰਤ ਮੌਕੇ 'ਤੇ ਪਹੁੰਚੀਆਂ, ਅਤੇ ਫੋਰੈਂਸਿਕ ਟੀਮ ਨੇ ਘਟਨਾ ਸਥਾਨ ਤੋਂ ਨਮੂਨੇ ਅਤੇ ਸੰਬੰਧਿਤ ਸਬੂਤ ਇਕੱਠੇ ਕੀਤੇ। ਹੋਰ ਵੇਰਵੇ ਸਾਂਝੇ ਕਰਦਿਆਂ, ਪੁਲਸ ਕਮਿਸ਼ਨਰ (ਸੀਪੀ) ਜਲੰਧਰ ਧਨਪ੍ਰੀਤ ਕੌਰ ਨੇ ਕਿਹਾ ਕਿ ਪੂਰੇ ਅੱਤਵਾਦੀ ਨੈੱਟਵਰਕ ਦਾ ਪਤਾ ਲਗਾਉਣ ਅਤੇ ਸਾਰੇ ਸਾਜ਼ਿਸ਼ਕਾਰਾਂ ਵਿਰੁੱਧ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਕੇਂਦਰੀ ਖੁਫੀਆ ਏਜੰਸੀਆਂ ਨਾਲ ਤਾਲਮੇਲ ਕਰਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਗ੍ਰਨੇਡ ਹਮਲੇ ਤੋਂ ਬਾਅਦ ਮਨੋਰੰਜਨ ਕਾਲੀਆ ਦੇ ਘਰ ਪਹੁੰਚੇ ਸੁਖਬੀਰ ਸਿੰਘ ਬਾਦਲ

**ਜਲੰਧਰ** : ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਮਨੋਰੰਜਨ ਕਾਲੀਆ ਦੇ ਘਰ ਸੋਮਵਾਰ ਦੇਰ ਰਾਤ ਹੋਏ ਗ੍ਰਨੇਡ ਹਮਲੇ ਤੋਂ ਬਾਅਦ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਉਨ੍ਹਾਂ ਦਾ ਹਾਲ ਜਾਨਣ ਉਨ੍ਹਾਂ ਦੇ ਘਰ ਪੁਹੰਚੇ। ਇਸ ਦੌਰਾਨ ਸੁਖਬੀਰ ਬਾਦਲ ਨੇ ਇਸ ਹਮਲੇ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਖ਼ਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਮਨੋਰੰਜਨ ਕਾਲੀਆ ਦੇ ਘਰ ਸੋਮਵਾਰ ਦੇਰ ਰਾਤ ਇਕ ਵਜੇ ਦੇ ਕਰੀਬ ਅਣਪਛਾਤਿਆਂ ਵਲੋਂ ਗ੍ਰਨੇਡ ਸੁੱਟਿਆ ਗਿਆ ਜਿਸ ਮਗਰੋਂ ਜ਼ੋਰਦਾਰ ਧਮਾਕਾ ਹੋਇਆ, ਜਿਸ ਨਾਲ ਘਰ 'ਚ ਖੜ੍ਹੀ ਕਾਰ, ਮੋਟਰਸਾਈਕਲ ਅਤੇ ਦਰਵਾਜ਼ਿਆਂ ਦੇ ਸ਼ੀਸ਼ੇ ਟੁੱਟ ਗਏ। ਗ਼ਨੀਮਤ ਰਹੀ ਕਿ ਇਸ ਧਮਾਕੇ ਨਾਲ ਕਿਸੇ ਵੀ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਇਸ ਹਮਲੇ ਦੀ ਸੀ. ਸੀ. ਟੀ. ਵੀ. ਵੀਡੀਓ ਵੀ ਸਾਹਮਣੇ ਆਈ ਹੈ। ਜਿਸ ਵਿਚ ਦੇਖਿਆ ਜਾ ਸਕਦਾ ਹੈ ਕਿ ਹਮਲਾਵਰ ਇਕ ਈ-ਰਿਕਸ਼ਾ ਆਟੋ 'ਤੇ ਆਏ



ਸਨ ਅਤੇ ਤੇਜ਼ੀ ਨਾਲ ਬੰਬ ਸੁੱਟ ਕੇ ਫਰਾਰ ਹੋ ਗਏ। ਜਿਵੇਂ ਹੀ ਹਮਲਾਵਰ ਬੰਬ ਸੁੱਟਦੇ ਹਨ ਤਾਂ ਜ਼ੋਰਦਾਰ ਧਮਾਕਾ ਹੁੰਦਾ ਹੈ। ਮਨੋਰੰਜਨ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਰਾਤ ਕਰੀਬ 12 ਵਜੇ ਆਪਣੇ ਘਰ ਦੇ ਵਿਹੜੇ 'ਚ ਘੁੰਮ ਰਹੇ ਸਨ। ਜਦੋਂ ਉਹ ਆਪਣੇ ਕਮਰੇ ਵਿਚ ਸੌਣ ਲਈ ਗਏ ਤਾਂ ਕੁਝ ਹੀ ਦੇਰ ਬਾਅਦ ਜ਼ਬਰਦਸਤ ਧਮਾਕਾ ਹੋਇਆ, ਜਿਸ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰ ਅਤੇ ਮੁਲਾਜ਼ਮ ਸਹਿਮ ਗਏ। ਕਾਲੀਆ ਨੇ ਦੱਸਿਆ ਕਿ ਧਮਾਕਾ ਇੰਨਾ ਜ਼ਬਰਦਸਤ ਸੀ ਕਿ ਇਸ ਨਾਲ ਵਿਹੜੇ ਵਿਚ ਲੱਗੇ ਪੱਥਰ 'ਚ ਟੋਇਆ ਪੈ ਗਿਆ ਅਤੇ ਮੋਟਰਸਾਈਕਲ ਅਤੇ ਕਾਰ ਦਾ ਵੀ ਭਾਰੀ ਨੁਕਸਾਨ ਹੋਇਆ। ਦਰਵਾਜ਼ਿਆਂ ਅਤੇ ਖਿੜਕੀਆਂ ਦੇ ਸ਼ੀਸ਼ੇ ਟੁੱਟ ਗਏ।




## 14 ਦਿਨ ਦੇ ਜੁਡੀਸ਼ੀਅਲ ਰਿਮਾਂਡ 'ਤੇ ਭੇਜੀ ਮਹਿਲਾ ਕਾਂਸਟੇਬਲ ਅਮਨਦੀਪ ਕੌਰ , ਸਾਥੀ ਬਲਵਿੰਦਰ ਸਿੰਘ ਅਜੇ ਵੀ ਪੁਲਿਸ ਦੀ ਗ੍ਰਿਫਤ 'ਚੋਂ ਬਾਹਰ

**ਬਠਿੰਡਾ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-2 ਅਪ੍ਰੈਲ ਨੂੰ ਬਠਿੰਡਾ ਦੇ ਰਿੰਗ ਰੋਡ ਤੋਂ 17.71 ਗ੍ਰਾਮ ਚਿੱਟੇ ਨਾਲ ਗ੍ਰਿਫਤਾਰ ਕੀਤੀ ਗਈ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਦਾ ਅੱਜ ਪੁਲਿਸ ਰਿਮਾਂਡ ਖਤਮ ਹੋਣ ਤੋਂ ਬਾਅਦ ਥਾਣਾ ਕਨਾਲ ਕਲੋਨੀ ਪੁਲਿਸ ਵੱਲੋਂ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਇਸ ਮੌਕੇ ਬਚਾਅ ਪੱਖ ਦੇ ਵਕੀਲ ਦੀਆਂ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ ਜੱਜ ਮਹੇਸ਼ ਕੁਮਾਰ ਸ਼ਰਮਾ ਦੀ ਅਦਾਲਤ ਵੱਲੋਂ ਬਰਖਾਸਤ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਨੂੰ 22 ਅਪ੍ਰੈਲ ਤੱਕ ਜੁਡੀਸ਼ਅਲ ਰਿਮਾਂਡ 'ਤੇ ਭੇਜ ਦਿੱਤਾ ਗਿਆ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਡੀਐਸਪੀ ਸਿਟੀ ਟੂ ਸਰਬਜੀਤ ਸਿੰਘ ਬਰਾੜ ਨੇ ਕਿਹਾ ਕਿ ਅੱਜ ਉਹਨਾਂ ਵੱਲੋਂ ਪੁਲਿਸ ਰਿਮਾਂਡ 'ਤੇ ਚੱਲ ਰਹੀ ਅਮਨਦੀਪ ਕੌਰ ਨੂੰ ਮੁੜ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ। ਇਸ ਮੌਕੇ ਉਹਨਾਂ ਵੱਲੋਂ ਅਦਾਲਤ ਅੱਗੇ ਪੁਲਿਸ ਵੱਲੋਂ ਹੁਣ ਤੱਕ ਕੀਤੀ ਗਈ ਜਾਂਚ ਦੇ ਤੱਥ ਰੱਖੇ ਗਏ ਸਨ ਅਤੇ ਮੁੜ ਪੁਲਿਸ ਰਿਮਾਂਡ ਮੰਗਿਆ ਗਿਆ ਸੀ ਪਰ ਅਦਾਲਤ ਵੱਲੋਂ ਅਮਨਦੀਪ ਕੌਰ ਨੂੰ 22 ਅਪ੍ਰੈਲ ਤੱਕ ਜੁਡੀਸ਼ਅਲ ਰਿਮਾਂਡ 'ਤੇ ਭੇਜ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਹੁਣ ਤੱਕ ਹੋਈ ਜਾਂਚ ਵਿੱਚ ਕੀ -ਕੀ ਸਾਹਮਣੇ ਆਇਆ ਹੈ, ਉਹ ਜਨਤਕ ਨਹੀਂ ਕਰ ਸਕਦੇ ਕਿਉਂਕਿ ਇਹ ਜਾਂਚ ਦਾ ਵਿਸ਼ਾ ਹੈ। ਜਲਦ ਹੀ ਇਸ ਮਾਮਲੇ ਵਿੱਚ ਮਾਨਯੋਗ ਅਦਾਲਤ ਵਿੱਚ ਜਾਂਚ ਪੂਰੀ ਕਰਨ ਉਪਰੰਤ ਚਲਾਨ ਪੇਸ਼ ਕੀਤਾ ਜਾਵੇਗਾ। ਪੁਲਿਸ ਵੱਲੋਂ 2 ਅਪ੍ਰੈਲ ਤੋਂ ਪੁਲਿਸ ਰਿਮਾਂਡ ਵਿੱਚ ਚੱਲ ਰਹੀ ਅਮਨਦੀਪ ਕੌਰ ਮਾਮਲੇ ਦੇ ਤੱਥ ਲਗਾਤਾਰ ਲੁਕਾਏ ਜਾ ਰਹੇ ਹਨ ਅਤੇ ਮੀਡੀਆ ਨੂੰ ਲਗਾਤਾਰ ਗੁਮਰਾਹ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

## ਕਰਨਲ ਕੁੱਟਮਾਰ ਮਗਰੋਂ ਪੰਜਾਬ ਪੁਲਿਸ ਦੀ ਮੁੜ ਦਿਖੀ ਗੁੰਡਾਗਰਦੀ ; ਨਸ਼ੇ 'ਚ ਧੁੱਤ ਲੜਕੀ ਤੇ ਇੱਕ ਲੜਕੇ ਦੇ ਮਾਰੇ ਥੱਪੜ



**ਬਟਾਲਾ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਟਾਲਾ ਦੇ ਬੱਸ ਸਟੈਂਡ ਤੇ ਬੀਤੀ ਦੇਰ ਰਾਤ ਨੂੰ ਕਥਿਤ ਨਸ਼ੇ 'ਚ ਧੁੱਤ 'ਚ ਲੜਕੀ ਦੀ ਇੱਕ ਵੀਡੀਓ ਵਾਇਰਲ ਹੋਈ ਸੀ ਜਿਸ 'ਚ ਇੱਕ ਪੁਲਿਸ ਮੁਲਾਜ਼ਮ ਵੱਲੋਂ ਉਸ ਨਾਲ ਕੁੱਟਮਾਰ ਕੀਤੀ ਗਈ। ਜਿਸਦੀ ਵੀਡੀਓ ਵਾਇਰਲ ਹੋਣ ਮਗਰੋਂ ਦੋ ਪੁਲਿਸ ਮੁਲਾਜ਼ਮਾਂ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ। ਬਟਾਲਾ ਦੇ ਬੱਸ ਸਟੈਂਡ ਤੇ ਕਥਿਤ ਨਸ਼ੇ ਵਿੱਚ ਧੁੱਤ 22 ਸਾਲਾਂ ਲੜਕੀ ਘੁੰਮਦੀ ਨਜ਼ਰ ਆਈ ਜਿਸਦੇ ਨਾਲ ਇੱਕ ਨੌਜਵਾਨ ਸੀ ਜੋ ਉਸ ਨੂੰ ਆਪਣੀ ਸਾਲੀ ਦੱਸ ਰਿਹਾ ਸੀ। ਜਦੋਂ ਪੁਲਿਸ ਨੂੰ ਪਤਾ ਲੱਗਾ ਤਾਂ ਕੁਝ ਪੁਲਿਸ ਕਰਮਚਾਰੀ ਉੱਥੇ ਪਹੁੰਚੇ ਅਤੇ ਬਿਨਾਂ ਕਿਸੇ ਮਹਿਲਾ ਪੁਲਿਸ ਕਰਮਚਾਰੀ ਦੇ ਨਸ਼ੇ ਵਿੱਚ ਧੁੱਤ ਲੜਕੀ ਅਤੇ ਨੌਜਵਾਨ ਨਾਲ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਜਿਸਦਾ ਖਾਮਿਆਜ਼ਾ ਵੀ ਜ਼ਿੰਮੇਵਾਰ ਪੁਲਿਸ ਵਾਲਿਆਂ ਨੂੰ ਭੁਗਤਣਾ ਪਿਆ। ਮਾਮਲੇ ਸਬੰਧੀ ਡੀਐਸਪੀ ਸਿਟੀ ਸੰਜੀਵ ਕੁਮਾਰ ਨੇ ਮੀਡੀਆ ਨਾਲ ਜਾਣਕਾਰੀ ਸਾਂਝੇ ਕਰਦੇ ਕਿਹਾ ਕਿ ਫਿਲਹਾਲ ਦੋਵੇਂ ਪੁਲਿਸ ਮੁਲਾਜ਼ਮ ਜਿੰਨਾ 'ਚ ਚੌਕੀ ਇੰਚਾਰਜ 'ਤੇ ਥਾਣੇ ਸਿਟੀ ਦਾ ਮੁਨਸ਼ੀ ਦੋਵੇਂ ਸਸਪੈਂਡ ਕਰ ਦਿੱਤੇ ਹਨ ਅਤੇ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ ਕਿਉਕਿ ਇਨ੍ਹਾਂ ਮੁਲਾਜਮਾਂ ਵਲੋਂ ਕਾਨੂੰਨ ਨੂੰ ਹੱਥਾਂ ਵਿਚ ਲੈ ਕੇ ਗਲਤ ਕੰਮ ਕੀਤਾ। ਕਾਬਿਲੇਗੌਰ ਹੈ ਕਿ ਸੂਬੇ ਭਰ 'ਚ ਨਸ਼ੇ ਦੇ ਮੱਕੜਜਾਲ 'ਚ ਲੜਕੀਆਂ ਦੀ ਵੱਧ ਰਹੀ ਤਦਾਦ ਵੀ ਚਿੰਤਾਜਨਕ ਹਲਾਤਾਂ ਵੱਲੋਂ ਵੱਧਦੀ ਦਿਖਾਈ ਦੇ ਰਹੀ ਹੈ। ਵਾਇਰਲ ਵੀਡੀਓ 'ਚ ਵੀ ਕੁੜੀ ਨਸ਼ੇ 'ਚ ਧੁੱਤ ਹੈ ਅਤੇ ਖੁਦ ਦੱਸ ਰਹੀ ਹੈ ਕਿ ਉਸ ਨੇ ਚਿੱਟੇ ਦਾ ਨਸ਼ਾ ਕੀਤਾ ਹੈ। ਇੱਕ ਪਾਸੇ ਜਿੱਥੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨਸ਼ੇ ਖਿਲਾਫ ਮੁਹਿੰਮ ਦੇ ਤਹਿਤ ਨਸ਼ੇ ਖਿਲਾਫ ਵੱਡੀ ਕਾਰਵਾਈ ਕਰਨ ਦੇ ਦਾਅਵੇ ਕਰ ਰਹੀ ਹੈ ਉੱਥੇ ਹੀ ਦੂਜੇ ਪਾਸੇ ਅਜਿਹੇ ਮਾਮਲੇ ਉਨ੍ਹਾਂ ਦਾਅਵਿਆਂ ਨੂੰ ਖੋਖਲਾ ਦੱਸ ਰਹੀ ਹੈ ਜੋ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਹਨ।

## ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ 'ਚ ਪਾਸ ਕੀਤੇ ਗਏ 8 ਮਤੇ

**ਸ੍ਰੀ ਅੰਮ੍ਰਿਤਸਰ ਸਾਹਿਬ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਅਗਵਾਈ ਵਿੱਚ ਅੱਜ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਹੋਈ। ਇਕੱਤਰਤਾ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰਾ ਗਿਆਨੀ ਮੰਗਲ ਸਿੰਘ ਹਾਜ਼ਰ ਹਨ। ਇਕੱਤਰਤਾ ਵਿੱਚ ਹੇਠ ਲਿਖੇ ਅਨੁਸਾਰ ਮਤੇ ਪਾਸ ਕੀਤੇ ਗਏ। ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ। ਜਿਸ ਵਿਚ ਪੰਜ ਸਿੰਘ ਸਾਹਿਬਾਨ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਗੁਰਪੁਰਵਾਸੀ ਗਿਆਨੀ ਮਲਕੀਤ



ਸਿੰਘ ਜੀ (ਖੰਡੂਰ), ਸਾਬਕਾ ਪੰਜ ਪਿਆਰੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗੁਰਬਾਣੀ ਸੰਥਿਆ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਪਰਿਵਾਰ (ਸਿੰਘਣੀ) ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਨਮਾਨ ਕੀਤਾ ਜਾਵੇਗਾ। ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਸਰਬਸੰਮਤੀ ਨਾਲ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਵੱਲੋਂ ਦਸ਼ਮੇਸ਼ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਨੂੰ ਸਫਰ-ਏ-ਸ਼ਹਾਦਤ ਰਾਹੀਂ ਪ੍ਰਚਾਰ ਕਰਦਿਆਂ ਕੀਤੀਆਂ ਸੇਵਾਵਾਂ ਦੇ ਮੱਦੇਨਜ਼ਰ ਉਨ੍ਹਾਂ ਦੀ ਸ਼ਲਾਘਾ ਕੀਤੀ ਜਾਂਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਇਨ੍ਹਾਂ ਦਾ ਸਨਮਾਨ ਕੀਤਾ ਜਾਵੇਗਾ। ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਕਿ ਹਰ ਗੁਰਸਿੱਖ ਜਿਥੇ ਨਿਤਨੇਮ ਕਰਦਾ ਹੈ ਉਥੇ ਹੀ ਪ੍ਰੇਰਣਾ ਦਿੱਤੀ ਜਾਂਦੀ ਹੈ ਕਿ ਆਪਣੇ ਘਰ ਅੰਦਰ ਸੌਣ ਤੋਂ ਅੱਧਾ ਘੰਟਾ ਪਹਿਲਾਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸਬੰਧਿਤ ਸਾਖੀਆਂ ਸੁਣਾਉਣ ਦੀ ਰਵਾਇਤ ਮੁੜ ਸੁਰਜੀਤ ਕਰੇ ਤਾਂ ਕਿ ਬੱਚਿਆਂ ਨੂੰ ਸਿੱਖ ਕਦਰਾਂ ਕੀਮਤਾਂ ਦਾ ਵੱਧ ਤੋਂ ਵੱਧ ਗਿਆਨ ਹੋ ਸਕੇ ਤੇ ਸਿੱਖੀ ਨਾਲ ਪਿਆਰ ਵੱਧ ਸਕੇ। ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਸਮੁੱਚੇ ਸਿੱਖ ਜਗਤ ਨੂੰ ਪ੍ਰੇਰਣਾ ਕੀਤੀ ਗਈ ਕਿ ਹਰ ਸਿੱਖ ਅੰਤਿਮ ਅਰਦਾਸ ਸਮੇਂ ਸਾਦੇ ਲੰਗਰ ਤਿਆਰ ਕਰਕੇ ਗੁਰੂ ਕੇ ਲੰਗਰ ਦੀ ਮੂਲ ਭਾਵਨਾ ਤੇ ਰਵਾਇਤਾਂ ਅਨੁਸਾਰ ਪਹਿਰਾ ਦੇਵੇ।

## ਮਰਨ ਵਰਤ ਤੋੜਣ ਮਗਰੋਂ ਕਿਸਾਨ ਆਗੂ ਡੱਲੇਵਾਲ ਦੀ ਸਿਹਤ ਨਾਸਾਜ; ਹਸਪਤਾਲ 'ਚ ਚੱਲ ਰਿਹਾ ਇਲਾਜ

**ਚੰਡੀਗੜ੍ਹ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਇੱਕ ਵਾਰ ਫੇਰ ਤੋਂ ਸਿਹਤ ਖਰਾਬ ਹੋ ਗਈ ਹੈ। ਮਿਲੀ ਜਾਣਕਾਰੀ ਮੁਤਾਬਿਕ ਕਿਸਾਨ ਆਗੂ ਡੱਲੇਵਾਲ ਨੂੰ ਬਰਨਾਲਾ ਦੇ ਨਿੱਜੀ ਹਸਪਤਾਲ 'ਚ ਇਲਾਜ ਲਈ ਭਰਤੀ ਕਰਵਾਇਆ ਗਿਆ ਹੈ। ਹੁਣ ਤੱਕ ਮਿਲੀ ਜਾਣਕਾਰੀ ਮੁਤਾਬਿਕ ਡੱਲੇਵਾਲ ਦੀ ਤਬੀਅਤ 'ਚ ਸਵੇਰ 5 ਵਜੇ ਤੋਂ ਬਾਅਦ ਸੁਧਾਰ ਹੋ ਰਿਹਾ ਹੈ। ਫਿਲਹਾਲ ਡਾਕਟਰ ਆਰਾਮ ਕਰਨ ਦੀ ਸਲਾਹ ਦੇ ਰਹੇ ਹਨ। ਮਿਲੀ ਜਾਣਕਾਰੀ ਮੁਤਾਬਿਕ ਡੱਲੇਵਾਲ ਦੇ ਢਿੱਡ 'ਚ ਅਚਾਨਕ ਤੇਜ਼ ਦਰਜ



ਹੋਣ ਕਾਰਨ ਉਨ੍ਹਾਂ ਨੂੰ ਹਸਪਤਾਲ ਭਰਤੀ ਕਰਵਾਇਆ ਗਿਆ ਹੈ। ਜਿੱਥੇ ਡਾਕਟਰਾਂ ਨੇ ਤੇਜ਼ ਦਰਦ ਦੇ ਚੱਲਦੇ ਉਨ੍ਹਾਂ ਨੂੰ ਇਜੈਕਸ਼ਨ ਲਗਾਏ ਅਤੇ ਅਲਟ੍ਰਾਸਾਊਡ ਕੀਤੇ ਅਤੇ ਹੋਰ ਟੈਸਟ ਵੀ ਕੀਤੇ ਜਾ ਰਹੇ ਹਨ। ਜਿਸ ਤੋਂ ਬਾਅਦ ਉਨ੍ਹਾਂ ਨੂੰ ਕੁਝ ਰਾਹਤ ਮਿਲੀ ਹੈ। ਪਰ ਅਜੇ ਵੀ ਉਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ। ਹਾਲਾਂਕਿ ਡਾਕਟਰਾਂ ਦੀ ਟੀਮ ਵੱਲੋਂ ਉਨ੍ਹਾਂ ਦੀ ਮੁੜ ਤੋਂ ਜਾਂਚ ਕੀਤੀ ਜਾਵੇਗੀ। ਦੱਸ ਦਈਏ ਕਿ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਬਠਿੰਡਾ ਤੋਂ ਮੁਕਤਸਰ ਰੋਡ ਪਿੰਡ ਦੋਦਾ ਅਨਾਜ ਮੰਡੀ ਵਿਖੇ ਮਹਾਪੰਚਾਇਤ ਹੋ ਰਹੀ ਹੈ। ਜਿਸ 'ਚ ਜਗਜੀਤ ਸਿੰਘ ਡੱਲੇਵਾਲ ਪਹੁੰਚਣਗੇ। ਹਾਲਾਂਕਿ ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਬਾਕੀ ਉਨ੍ਹਾਂ ਦੀ ਸਿਹਤ 'ਤੇ ਨਿਰਭਰ ਹੈ ਕਿ ਉਹ ਆ ਪਾਉਣਗੇ ਜਾਂ ਨਹੀਂ। ਕਿਸਾਨ ਆਗੂ ਕਾਕਾ ਸਿੰਘ ਕੋਹੜਾ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਸਿਹਤਯਾਬ ਹੋਣ ਦੇ ਲਈ ਅਰਦਾਸ ਕਰਨ ਦੀ ਅਪੀਲ ਕੀਤੀ ਹੈ। ਸ੍ਰੀ ਮੁਕਤਸਰ ਸਾਹਿਬ ਦੇ ਦੋਦਾ ਦੀ ਅਨਾਜ ਮੰਡੀ ਵਿਖੇ ਆਯੋਜਿਤ ਮਹਾਪੰਚਾਇਤ ਵਿੱਚ ਬੋਲਦਿਆਂ, ਉਨ੍ਹਾਂ ਕਿਹਾ ਕਿ ਭਾਵੇਂ ਜਗਜੀਤ ਸਿੰਘ ਡੱਲੇਵਾਲ ਦਾ ਇਲਾਜ ਚੱਲ ਰਿਹਾ ਹੈ, ਪਰ ਉਹ ਸ੍ਰੀ ਮੁਕਤਸਰ ਸਾਹਿਬ ਦੇ ਦੋਦਾ ਦੀ ਅਨਾਜ ਮੰਡੀ ਵਿਖੇ ਆਯੋਜਿਤ ਵਿਸ਼ਾਲ ਕਿਸਾਨ ਸੰਮੇਲਨ ਵਿੱਚ ਸ਼ਾਮਲ ਹੋਣਾ ਅਤੇ ਕਿਸਾਨਾਂ ਨੂੰ ਮਿਲਣਾ ਚਾਹੁੰਦੇ ਹਨ। ਦੱਸ ਦਈਏ ਕਿ ਕਾਕਾ ਸਿੰਘ ਕੋਹੜਾ ਅਤੇ ਅਭਿਮਨਿਊ ਕੋਹਾੜ ਸਣੇ ਕਿਸਾਨ ਆਗੂ ਵੀ ਹਸਪਤਾਲ 'ਚ ਮੌਜੂਦ ਹਨ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net


ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
info@sgpc.net ਅਤੇ
ਵੱਟਸਐਪ ਨੰਬਰ 77101-36200
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਆਵਾਜ਼ਿ ਕੌਮ AWAZE QAUM
International Newspaper & WEB TV
ਫਗਵਾੜਾ ਹਲਕੇ ਦੇ
ਪੰਥਕ ਨੁਮਾਇੰਦਿਆਂ ਦੀ ਵਿਸ਼ੇਸ਼ ਮੀਟਿੰਗ
12 ਅਪ੍ਰੈਲ ਦਿਨ ਸ਼ਨੀਵਾਰ ਦੁਪਿਹਰ 03:30 ਵਜੇ
ਭਾਈ ਘਨਈਆ ਜੀ ਸੇਵਾ ਸਿਮਰਨ ਕੇਂਦਰ, ਚਾਹਲ ਨਗਰ ਜੀ. ਟੀ. ਰੋਡ, ਫਗਵਾੜਾ
ਜਿਸ ਵਿੱਚ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਹੋਏ ਹੁਕਮਨਾਮੇ ਤਹਿਤ ਫਗਵਾੜੇ ਇਲਾਕੇ ਵਿੱਚ ਮੁੜ ਪੰਥਕ ਸਿਆਸਤ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਪੁਨਰਸੁਰਜੀਤੀ ਲਈ ਭਰਤੀ ਮੁਹਿੰਮ ਦੀ ਸ਼ੁਰੂਆਤ ਹੋਵੇਗੀ।
ਵਿਸ਼ੇਸ਼ ਤੌਰ ਤੇ ਪਹੁੰਚ ਰਹੀਆ ਸ਼ਖਸ਼ੀਅਤਾਂ
ਬਾਬਾ ਸਰਬਜੋਤ ਸਿੰਘ ਬੇਦੀ ਜੀ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ
ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜਾ
ਸ. ਰਵੀ ਇੰਦਰ ਸਿੰਘ ਜੀ
ਫਗਵਾੜੇ ਦੀਆਂ ਸਿੱਖ ਜਥੇਬੰਦੀਆਂ ਵੱਲੋ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।
ਆਪ ਸਭ ਨੂੰ ਪਰਿਵਾਰ ਅਤੇ ਸਾਥੀਆ ਸਣੇ ਪੁੱਜਣ ਦੀ ਵਿਸ਼ੇਸ਼ ਬੇਨਤੀ ਕੀਤੀ ਜਾਂਦੀ ਹੈ।
ਅਲਾਇੰਸ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ ਖ਼ਾਲਸਾ ਪਰਿਵਾਰ, ਫਗਵਾੜਾ
ਫੋਨ ਨੰ: 9855801984, 9914501984, 7205700009, 7205800009

ਖਾਲਸਾ ਅਕਾਲ ਪੁਰਖ ਕੀ ਫੌਜ ।। ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ ।।

# ਗੁਰੂ ਨਾਨਕ ਗੁਰਦੁਆਰਾ ਸਮੈਦਿਕ ਦੀ ਪ੍ਰਬੰਧਕ ਕਮੇਟੀ ਦੇ ਸੇਵਾਦਾਰਾਂ ਵੱਲੋਂ ਖਾਲਸਾ ਪੰਥ ਦੇ ਸਾਜਨਾ ਦਿਵਸ ਦੀ ਸਮੂਹ ਸਿੱਖ ਜਗਤ ਨੂੰ ਵਧਾਈ

## 13 ਅਪ੍ਰੈਲ ਐਤਵਾਰ ਨੂੰ ਵਿਸ਼ੇਸ਼ ਦੀਵਾਨ ਸਜਾਏ ਜਾਣਗੇ

ਗੁਰੂ ਰੂਪ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫ਼ਤਹਿ ॥

ਸਦੀਆਂ ਤੋਂ ਪੰਜਾਬੀ ਲੋਕ ਵਿਸਾਖੀ ਨੂੰ ਇਕ ਮੌਸਮੀ ਤਿਓਹਾਰ ਦੇ ਤੌਰ 'ਤੇ ਮਨਾਉਂਦੇ ਆ ਰਹੇ ਸਨ। 1699 ਦੀ ਵਿਸਾਖੀ ਮੌਕੇ ਗੁਰੂ ਗੋਬਿੰਦ ਸਿੰਘ ਜੀ ਨੇ ਜੋ ਕੌਤਕ ਵਰਤਾਇਆ ਉਹ ਸਿੱਖ ਕੌਮ ਨੂੰ ਸਦਾ ਵਾਸਤੇ ਇਸ ਦਿਹਾੜੇ ਨਾਲ ਜੋੜ ਗਿਆ। ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਜਾਤ ਪਾਤ ਊਚ ਨੀਚ ਦਾ ਭੇਦ ਭਾਵ ਮਿਟਾਉਂਦੇ ਹੋਏ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕੀਤਾ। ਖਾਲਸੇ ਨੂੰ ਇਕ ਰਹਿਤ ਮਰਿਯਾਦਾ ਬਖਸ਼ੀ ਗਈ । ਸਭ ਤੋਂ ਮਹਾਨ ਕੌਤਕ ਕਿ ਗੁਰੂ ਸਾਹਿਬ ਨੇ ਗੁਰੂ ਪੰਥ ਦੇ ਨੁਮਾਇੰਦੇ ਪੰਜ ਪਿਆਰਿਆਂ ਨੂੰ ਸਥਾਪਤ ਕਰਕੇ ਗੁਰੂ ਦਾ ਦਰਜਾ ਦਿੱਤਾ ਅਤੇ ਉਹਨਾਂ ਤੋਂ ਆਪ ਅੰਮ੍ਰਿਤ ਛੱਕਿਆ । ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਗੁਰੂ ਘਰ ਵਿਖੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ ।

### ਖਾਲਸਾ ਪੰਥ ਦੇ ਸਿਰਜਣਾ ਦਿਵਸ ਸਬੰਧੀ ਸਮਾਗਮ

(ਹਾਲ ਨੰਬਰ 4 ਵਿੱਚ)

**ਅਰੰਭ ਸ੍ਰੀ ਅਖੰਡਪਾਠ ਸਾਹਿਬ 11 ਅਪ੍ਰੈਲ ਸ਼ੁੱਕਰਵਾਰ ਸਵੇਰੇ 5 ਵਜੇ**

**ਭੋਗ ਸ੍ਰੀ ਅਖੰਡਪਾਠ ਸਾਹਿਬ 13 ਅਪ੍ਰੈਲ ਐਤਵਾਰ ਸਵੇਰੇ 5 ਵਜੇ**

ਉਪਰੰਤ ਸਾਰਾ ਦਿਨ ਦੀਵਾਨ ਸਜਣਗੇ, ਜਿਸ ਦੌਰਾਨ ਗੁਰੂ ਘਰ ਦੇ ਹਜ਼ੂਰੀ ਰਾਗੀ ਜਥੇ, ਕੀਰਤਨੀ ਜਥੇ, ਕਥਾ ਵਾਚਕ, ਕਵੀਸ਼ਰ ਤੇ ਹੋਰ ਪ੍ਰਚਾਰਕ ਜਥੇ ਹਾਜ਼ਰੀ ਭਰਨਗੇ । ਗੁਰੂ ਕੇ ਅਤੁੱਟ ਲੰਗਰ ਵਰਤਣਗੇ ।

* ਅੰਮ੍ਰਿਤ ਸੰਚਾਰ 13 ਅਪ੍ਰੈਲ, ਐਤਵਾਰ ਨੂੰ 2:00 ਵਜੇ ਦੁਪਹਿਰੇ ਹੋਵੇਗਾ
* ਨਿਸ਼ਾਨ ਸਾਹਿਬ ਦੀ ਸੇਵਾ 13 ਅਪ੍ਰੈਲ, ਐਤਵਾਰ ਨੂੰ ਸਵੇਰੇ 5:00 ਕੀਤੀ ਜਾਵੇਗੀ









## ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਅੱਠ ਪ੍ਰਮੁੱਖ ਆਗੂਆਂ ਵੱਲੋਂ ਆਪਣੇ ਅਹੁਦਿਆਂ ਤੋਂ ਅਸਤੀਫਾ

# ਕਰਨੈਲ ਸਿੰਘ ਪੀਰਮੁਹੰਮਦ ਦੇ ਫੈਸਲੇ ਨਾਲ ਪੂਰਨ ਸਹਿਮਤੀ ਪ੍ਰਗਟਾਈ



**ਮੱਖੂ 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਰਾਜਸੀ ਮਾਮਲਿਆ ਦੀ ਕਮੇਟੀ ਦੇ ਮੈਬਰ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਭਾਈ ਜਗੂਰਪ ਸਿੰਘ ਚੀਮਾ , ਰਾਜਸੀ ਮਾਮਲਿਆ ਦੇ ਮੈਬਰ ਸ੍ ਬਲਬੀਰ ਸਿੰਘ ਕੁਠਾਲਾ , , ਦੋ ਸਲਾਹਕਾਰਾ ਡਾਕਟਰ ਕਾਰਜ ਸਿੰਘ ਧਰਮਸਿੰਘ ਵਾਲਾ ਅਤੇ ਸ੍ ਗੁਰਮੁੱਖ ਸਿੰਘ ਸੰਧੂ, ਵਰਕਿੰਗ ਕਮੇਟੀ ਮੈਬਰ ਗਗਨਦੀਪ ਸਿੰਘ ਰਿਆੜ ਅਤੇ ਜਾਇੰਟ ਸਕੱਤਰ ਸੁਖਵਿੰਦਰ ਸਿੰਘ ਦੀਨਾਨਗਰ ਅਤੇ ਰਾਜਸੀ ਮਾਮਲਿਆ ਬਾਰੇ ਕਮੇਟੀ ਦੇ ਮੈਬਰਾ ਗੁਰਸਰਨ ਸਿੰਘ ਸੰਧੂ ਅਤੇ ਅਰਵਿੰਦਰ ਸਿੰਘ ਮਿੰਟੂ ਪਟਿਆਲਾ ਨੇ ਆਪਣੇ ਅਹੁਦਿਆ ਤੋ ਅਸਤੀਫਾ ਦਿੰਦਿਆ ਐਲਾਨ ਕੀਤਾ ਹੈ ਕਿ ਪਾਰਟੀ ਦੇ ਐਕਟਿੰਗ ਪ੍ਰਧਾਨ ਸ੍ ਬਲਵਿੰਦਰ ਸਿੰਘ ਭੂੰਦੜ ਸਾਡੇ ਅਸਤੀਫੇ ਤੁਰੰਤ ਪ੍ਰਵਾਨ ਕਰਨ । ਉਹਨਾਂ ਅਸਤੀਫੇ ਦਾ ਮੁੱਖ ਕਾਰਣ ਦੱਸਦਿਆ ਕਿਹਾ ਕਿ ਪਾਰਟੀ ਨੇ ਕਦੇ ਵੀ ਸਾਡੀ ਸਲਾਹ ਨਹੀ ਲਈ ਸਲਾਹਕਾਰ ਅਸੀ ਹਾ ਪਰ ਪਾਰਟੀ ਸਲਾਹਾ ਦਿੱਲੀ ਬੈਠੇ ਸਿੱਖ ਕਾਰਗਰਸੀਆ ਤੋ ਲੈਦੀ ਹੈ । ਦੋਹਾ ਅਕਾਲੀ ਨੇਤਾਵਾਂ ਨੇ ਪਾਰਟੀ ਦੇ ਇੱਕ ਆਗੂ ਡਾਕਟਰ ਦਲਜੀਤ ਸਿੰਘ ਚੀਮਾ ਅਤੇ ਉਪਰ ਗੰਭੀਰ ਦੋਸ਼ ਲਗਾਉਦਿਆ ਕਿਹਾ ਹੈ ਕਿ ਇਸ ਸਖਸ ਨੇ ਪਾਰਟੀ ਦੀਆ ਜੜਾ ਵਿੱਚ ਤੇਲ ਦੇ ਦਿੱਤਾ ਹੈ ਜਿਸ ਕਰਕੇ ਸ਼੍ਰੋਮਣੀ ਅਕਾਲੀ ਦਲ ਨੂੰ ਬੇਹੱਦ ਨੁਕਸਾਨ ਹੋਇਆ ਹੈ ਤੇ ਹੋ ਰਿਹਾ ਹੈ । ਸ੍ ਜਗਰੂਪ ਸਿੰਘ ਚੀਮਾ , ਡਾਕਟਰ ਕਾਰਜ ਸਿੰਘ ਧਰਮਸਿੰਘ ਵਾਲਾ ਅਤੇ ਸ੍ ਗੁਰਮੁੱਖ ਸਿੰਘ ਸੰਧੂ ਨੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸ੍ ਕਰਨੈਲ ਸਿੰਘ ਪੀਰਮੁਹੰਮਦ ਵੱਲੋ ਪਾਰਟੀ ਦੇ ਬੁਲਾਰੇ ਅਤੇ ਜਰਨਲ ਸਕੱਤਰ ਦੇ ਅਹੁਦਿਆ ਤੋ ਦਿੱਤੇ ਅਸਤੀਫੇ ਨਾਲ ਪੂਰਨ ਸਹਿਮਤੀ ਪ੍ਰਗਟਾਈ ਤੇ ਕਿਹਾ ਕਿ ਪਾਰਟੀ ਦੇ ਸਾਬਕਾ ਪ੍ਰਧਾਨ ਸ੍ ਸੁਖਬੀਰ ਸਿੰਘ ਬਾਦਲ ਨੂੰ ਆਪਣੇ ਗਲਤ ਸਲਾਹਕਾਰਾ ਤੋ ਬਚਣ ਦੀ ਬੇਹੱਦ ਲੋੜ ਹੈ ਨਹੀ ਤਾ ਇਹ ਲੋਕ ਉਹਨਾਂ ਦਾ ਰਾਜਨੀਤਕ ਖੇਤਰ ਵਿੱਚ ਪੂਰੀ ਤਰਾ ਭਵਿੱਖ ਬਰਬਾਦ ਕਰ ਦੇਣਗੇ ।ਅਕਾਲੀ ਨੇਤਾਵਾ ਨੇ ਕਿਹਾ ਕਿ ਭਵਿੱਖ ਵਿੱਚ ਸ੍ ਕਰਨੈਲ ਸਿੰਘ ਪੀਰਮੁਹੰਮਦ ਜੋ ਵੀ ਫੈਸਲਾ ਪੰਥ ਪੰਜਾਬ ਅਤੇ ਪਾਰਟੀ ਦੇ ਭਵਿੱਖ ਵਿੱਚ ਲੈਣਗੇ ਅਸੀ ਉਹਨਾਂ ਦੀ ਅਗਵਾਈ ਵਿੱਚ ਪਹਿਲਾ ਦੀ ਤਰਾ ਤਨ ਮਨ ਧਨ ਨਾਲ ਪੂਰਨ ਸਹਿਯੋਗ ਕਰਾਗੇ ।ਉਹਨਾਂ ਸ਼੍ਰੋਮਣੀ ਅਕਾਲੀ ਦਲ ਦੇ ਸਮੂਹ ਅਹੁਦੇਦਾਰਾ ਨੂੰ ਅਪੀਲ ਕੀਤੀ ਕਿ ਉਹ ਮੂਕ ਦਰਸ਼ਕ ਬਣਨ ਦੀ ਜਗਾ ਪਾਰਟੀ ਦੀ ਵਿਗੜਦੀ ਜਾ ਰਹੀ ਦਿਸਾ ਤੇ ਦਸਾ ਨੂੰ ਠੀਕ ਕਰਨ ਲਈ ਆਪਣੀ ਅਵਾਜ ਬੁਲੰਦ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

## ਡਾ. ਅੰਬੇਦਕਰ ਦੀ ਨਿਰਾਦਰੀ ਦੀਆਂ ਘਟਨਾਵਾਂ ਦੀ

# ਪੰਚ ਪ੍ਰਧਾਨੀ ਪੰਥਕ ਜਥੇ ਵੱਲੋਂ ਕਰੜੀ ਨਿਖੇਧੀ




**ਚੰਡੀਗੜ੍ਹ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਥ ਸੇਵਕ ਸਖਸ਼ੀਅਤਾਂ ਦੇ ਪੰਚ ਪ੍ਰਧਾਨੀ ਪੰਥਕ ਜਥੇ ਵੱਲੋਂ ਇਕ ਸਾਂਝਾ ਬਿਆਨ ਜਾਰੀ ਕਰਕੇ ਕਿਹਾ ਗਿਆ ਹੈ ਕਿ ਨਿਤਾਣੇ ਵਰਗਾਂ ਦੀ ਭਲਾਈ ਲਈ ਤੇ ਉਹਨਾ ਨੂੰ ਸਮਾਜ ਵਿਚ ਬਰਾਬਰ ਦਾ ਰੁਤਬਾ ਦਿਵਾਉਣ ਲਈ ਉਮਰ ਭਰ ਯਤਨਸ਼ੀਲ ਰਹੇ ਡਾ. ਭੀਮ ਰਾਓ ਅੰਬੇਦਕਰ ਦਾ ਨਿਰਾਦਰ ਕਰਨ ਦੀਆਂ ਪੰਜਾਬ ਵਿਚ ਵਾਪਰੀਆਂ ਘਟਨਾਵਾਂ ਨਿੰਦਣਯੋਗ ਹਨ।ਮੌਜੂਦਾ ਸਮੇਂ ਵਿਚ ਵਾਪਰ ਰਹੀਆਂ ਇਹ ਘਟਨਾਵਾਂ ਐਸ. ਸੀ. ਭਾਈਚਾਰੇ ਅਤੇ ਸਿੱਖਾਂ ਦਰਮਿਆਨ ਪਾੜਾ ਪਾਉਣ ਦੀ ਨੀਤੀ ਤੋਂ ਪ੍ਰੇਰਿਤ ਲੱਗਦੀਆਂ ਹਨ। ਪੰਚ ਪ੍ਰਧਾਨੀ ਪੰਥਕ ਜਥੇ ਨੇ ਕਿਹਾ ਹੈ ਕਿ ਦਿੱਲੀ ਦਰਬਾਰ ਦੀ ਸੱਤਾਧਾਰੀ ਬਿਪਰਵਾਦੀ ਧਿਰ ਪੰਜਾਬ ਵਿਚ ਸਿੱਖਾਂ ਅਤੇ ਦਲਿਤਾਂ ਨੂੰ ਪਾੜ ਕੇ ਆਪਣੇ ਮੁਫਾਦ ਪੂਰੇ ਕਰਨ ਅਤੇ ਦਲਿਤਾਂ ਤੇ ਸਿੱਖਾਂ ਨੂੰ ਕਮਜ਼ੋਰ ਕਰਕੇ ਉਹਨਾ ਨੂੰ ਨਪੀੜਨ ਲਈ ਲੰਮੇ ਸਮੇਂ ਤੋਂ ਯਤਨਸ਼ੀਲ ਹੈ ਅਤੇ ਡਾ. ਭੀਮ ਰਾਓ ਅੰਬੇਦਕਰ ਦੇ ਨਿਰਾਦਰ ਦੀਆਂ ਘਟਨਾਵਾਂ ਦਿੱਲੀ ਦਰਬਾਰ ਦੇ ਮੁਫਾਦ ਪੂਰਾ ਕਰਨ ਦਾ ਮੰਦਭਾਗਾ ਸਬੱਬ ਬਣ ਰਹੀਆਂ ਹਨ।ਭਾਰਤੀ ਸੰਵਿਧਾਨ ਵਿਚਲੀ ਕਿਸੇ ਧਾਰਾ, ਸਮੇਤ ਧਾਰਾ 25 ਦੀ ਮੱਦ 2-ਬੀ ਦੀ ਦੂਜੀ ਵਿਆਖਿਆ ਦੇ, ਵਾਸਤੇ ਡਾ. ਅੰਬੇਦਕਰ ਨੂੰ ਸਿੱਖਾਂ ਦਾ ਦੋਸ਼ੀ ਗਰਦਾਨਣਾ ਸਰਾਸਰ ਗਲਤ ਕਾਰਵਾਈ ਹੈ।ਇਹ ਮੱਦ ਦੇ ਹਵਾਲੇ ਨਾਲ ਦਲਿਤਾਂ ਅਤੇ ਸਿੱਖਾਂ ਦਰਮਿਆਨ ਪਾੜਾ ਪਾਉਣ ਦਾ ਯਤਨ ਕਰਨਾ ਕੋਝੀ ਕਾਰਵਾਈ ਹੈ। ਇਸ ਬਿਆਨ ਵਿਚ ਅੱਗੇ ਕਿਹਾ ਹੈ ਕਿ ਡਾ. ਅੰਬੇਦਕਰ ਦਾ ਪੂਰਾ ਜੀਵਨ ਨਿਮਾਣੇ-ਨਿਤਾਣੇ ਵਰਗਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਨੂੰ ਸਮਰਪਿਤ ਰਿਹਾ।ਆਪਣੇ ਜੀਵਨ ਕਾਲ ਦੌਰਾਨ ਉਹਨਾ ਨਿਮਾਣੇ ਵਰਗਾਂ ਨੂੰ ਉੱਚਾ ਚੁੱਕਣ ਲਈ ਬੌਧਿਕ ਅਤੇ ਅਮਲੀ ਪੱਧਰ ਉੱਤੇ ਅਕਥ ਸੰਘਰਸ਼ ਕੀਤਾ। ਡਾ. ਅੰਬੇਦਕਰ ਦੇ ਸਿੱਖਾਂ ਨਾਲ ਚੰਗੇ ਤਾਲੁਕਾਤ ਰਹੇ ਅਤੇ ਉਹਨਾ ਸਿੱਖ ਬਣਨ ਦੀ ਇੱਛਾ ਵੀ ਪਰਗਟ ਕੀਤੀ ਪਰ ਭਾਵੇਂ ਕਿ ਵਕਤ ਦੇ ਹਾਲਾਤ ਕਾਰਨ ਉਹ ਸਿੱਖ ਨਾ ਬਣ ਸਕੇ ਪਰ ਹਿੰਦੂ ਧਰਮ ਨੂੰ ਛੱਡ ਕੇ ਬੋਧੀ ਬਣ ਗਏ ਸਨ। ਅੱਜ ਜਾਰੀ ਕੀਤੇ ਇਸ ਬਿਆਨ ਵਿਚ ਦਰਜ਼ ਹੈ ਕਿ ਗੁਰੂ ਸਾਹਿਬਾਨ ਨੇ ਖਾਲਸੇ ਨੂੰ 'ਗਰੀਬ ਦੀ ਰੱਖਿਆ ਤੇ ਜਰਵਾਣੇ ਦੀ ਭੱਖਿਆ' ਦਾ ਬਿਰਦ ਬਖਸ਼ਿਆ ਹੈ। ਗੁਰੂ ਕੇ ਸਿੱਖ ਸਦਾ ਨਿਮਾਣੇ ਵਰਗਾਂ ਦੀ ਬਿਹਤਰੀ ਲਈ ਤਤਪਰ ਰਹਿੰਦੇ ਹਨ।ਖਾਲਿਸਤਾਨ ਦਾ ਸੰਘਰਸ਼ ਗੁਰਮਤਿ ਦੇ ਆਸ਼ੇ ਅਨੁਸਾਰ ਵਿਤਕਰੇ ਜਾਂ ਊਚ-ਨੀਚ ਤੋਂ ਰਹਿਤ, ਬਰਾਬਰੀ ਤੇ ਸਰਬ ਸਾਂਝੀਵਾਲਤਾ ਵਾਲਾ ਬੇਗਮਪੁਰਾ ਦੀ ਨਿਆਈਂ ਸਮਾਜ ਸਿਰਜਣ ਅਤੇ ਸਰਬੱਤ ਦੇ ਭਲੇ ਵਾਲਾ ਹਲੇਮੀ ਰਾਜ ਸਿਜਣ ਵਾਸਤੇ ਹੈ ਨਾ ਕਿ ਕਿਸੇ ਇਕ ਖਾਸ ਵਰਗ ਜਾਂ ਸਿਰਫ ਸਿੱਖਾਂ ਲਈ। ਪੰਚ ਪ੍ਰਧਾਨੀ ਪੰਥਕ ਜਥੇ ਨੇ ਡਾ. ਅੰਬੇਦਕਰ ਦੇ ਨਿਰਾਦਰ ਨੂੰ ਖਾਲਿਸਤਾਨ ਦੇ ਸੰਘਰਸ਼ ਦਾ ਜੋੜਨਾ ਘਿਨਾਉਣੀ ਕਾਰਵਾਈ ਹੈ। ਇਸ ਸਮੇਂ ਖਾਲਿਸਤਾਨ ਦੇ ਪਵਿੱਤਰ ਸ਼ੰਘਰਸ਼ ਦੇ ਨਾਮ ਉੱਪਰ ਨਿਮਾਣੇ ਵਰਗਾਂ ਤੇ ਸਿੱਖਾਂ ਵਿਚ ਦਰਾੜ ਪਾਉਣ ਦਾ ਯਤਨ ਕਰਨਾ ਜਾਂ ਭਾੜੇ ਉੱਤੇ ਸੰਘਰਸ਼ ਦੇ ਮਿਆਰ ਤੋਂ ਹੀਣੀਆਂ ਕਾਰਵਾਈਆਂ ਕਰਵਾਉਣ ਵਾਲੇ ਹਿੱਸਿਆਂ ਪ੍ਰਤੀ ਸਿੱਖਾਂ ਨੂੰ ਸੁਚੇਤ ਰਹਿਣ ਦੀ ਲੋੜ ਹੈ। ਉਹਨਾ ਕਿਹਾ ਕਿ ਖਾਲਿਸਤਾਨ ਦੇ ਸੰਘਰਸ਼ ਦਾ ਅਧਾਰ ਦੀ ਸੇਵਾ, ਸਿਮਰਨ, ਉੱਚੇ ਕਿਰਦਾਰਾਂ ਤੇ ਸ਼ਹਾਦਤਾਂ ਉੱਤੇ ਨਿਰਭਰ ਹੈ ਅਤੇ ਪੈਸੇ ਲਈ ਜਾਂ ਪੈਸੇ ਦੇ ਜੋਰ ਉੱਤੇ ਕਰਵਾਈਆਂ ਜਾਣ ਵਾਲੀਆਂ ਕਾਰਵਾਈਆਂ ਦਾ ਖਾਲਿਸਤਾਨ ਦੇ ਸੰਘਰਸ਼ ਨਾਲ ਸਰੋਕਾਰ ਨਹੀਂ ਹੈ। ਸਾਂਝੇ ਬਿਆਨ ਵਿਚ ਕਿਹਾ ਗਿਆ ਹੈ ਕਿ ਗੁਰਮਤਿ ਆਸ਼ੇ ਦੇ ਮੱਦੇਨਜ਼ਰ ਸਿੱਖਾਂ ਦਾ ਅਸੂਲਨ ਤੇ ਪ੍ਰਮੁੱਖ ਵਿਰੋਧ ਵਿਤਕਰੇ ਅਤੇ ਊਚ-ਨੀਚ ਵਾਲੀ ਬਿਪਰਨ ਕੀ ਰੀਤ, ਸਰੋਤਾਂ ਦੀ ਬੇਕਿਕਰ ਲੁੱਟ ਕਰਨ ਵਾਲੇ ਕਰੋਨੀ-ਕੈਪਿਟਲਇਜ਼ਮ, ਵੰਨਸੁਵੰਨਤਾ ਮੇਟ ਕੇ ਇਕੋ-ਇਕਹਿਰੀ ਪਛਾਣ ਘੜਨ ਵਾਲੀ ਨੇਸ਼ਨ-ਸਟੇਟ ਬਿਲਡਿੰਗ ਦੀ ਵਿਚਾਰਧਾਰਾ ਅਤੇ ਸੱਤਾ ਤੇ ਤਾਕਤ ਦੇ ਕੇਂਦਰੀਕਰਨ ਵਾਲੀਆਂ ਸਿਆਸੀ ਧਾਰਾਵਾਂ ਨਾਲ ਹੈ।ਇਹਨਾ ਤੋਂ ਪੀੜਤ ਹਿੱਸੇ ਸਾਡੇ ਸੰਭਾਵੀ ਸਹਿਯੋਗੀ ਹਨ ਭਾਵੇਂ ਕਿ ਉਹਨਾ ਨਾਲ ਕੁਝ ਗੱਲਾਂ ਉੱਪਰ ਮਤਭੇਦ ਵੀ ਹੋ ਸਕਦੇ ਹਨ। ਸਿੱਖਾਂ ਨੂੰ ਉਕਤ ਅਲਾਮਤਾਂ ਵਿਰੁਧ ਸੰਘਰਸ਼ ਕਰਨ ਵਾਲੇ ਹਿੱਸਿਆਂ ਨਾਲ ਟਕਰਾਅ ਦੀ ਸਥਿਤੀ ਸਿਰਜਣ ਤੋਂ ਹਰ ਸੰਭਵ ਪੱਧਰ ਤੱਕ ਬਚਣਾ ਚਾਹੀਦਾ ਹੈ।ਸਗੋਂ ਇਹਨਾ ਨਾਲ ਆਪਸੀ ਸਾਂਝ ਦੀਆਂ ਸੰਭਾਵਨਾਵਾਂ ਨੂੰ ਅਮਲੀ ਜਾਮਾ ਦੇਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

> ☛ ਨਿਮਾਣੇ ਵਰਗ ਨੂੰ ਉੱਚਾ ਚੁੱਕਣ ਲਈ ਸਿੱਖ ਸੰਘਰਸ਼ ਦੇ ਅਦਾਰਸ਼ਾਂ ਤੇ ਡਾ. ਅੰਬੇਦਕਰ ਦੇ ਕਾਰਜਾਂ ਵਿਚ ਵੱਡੀ ਸਾਂਝ ਹੈ
> ☛ ਐਸ.ਸੀ. ਭਾਈਚਾਰੇ ਤੇ ਸਿੱਖਾਂ ਵਿਚ ਪਾੜਾ ਪਾਉਣਾ ਦੀ ਦਿੱਲੀ ਦਰਬਾਰ ਦੀ ਨੀਤੀ ਸੁਚੇਤ ਹੋਣ ਦੀ ਲੋੜ

ਆਵਾਜ਼ਿ ਕੌਮ AWAZE QAUM International Newspaper & WEB TV

## ਖਾਲਿਸਤਾਨ ਲਿਬਰੇਸ਼ਨ ਫੋਰਸ ਦੇ ਚੋਟੀ ਦੇ ਖਾੜਕੂ ਸ਼ਹੀਦ ਭਾਈ ਜੁਗਰਾਜ ਸਿੰਘ ਉਰਫ ਤੂਫ਼ਾਨ ਸਿੰਘ ਦੇ ਸ਼ਹੀਦੀ ਦਿਹਾੜੇ ਤੇ ਵਿਸ਼ੇਸ਼





ਸ਼ਹੀਦ ਭਾਈ ਜੁਗਰਾਜ ਸਿੰਘ 'ਤੂਫਾਨ' ਦਾ ਜਨਮ 1971 ਵਿੱਚ ਪਿੰਡ ਚੀਮਾ ਖੁਰਦ ਵਿਖੇ ਹੋਇਆ ਸੀ। ਉਨ੍ਹਾਂ ਦੇ ਪਿਤਾ ਸਰਦਾਰ ਮਹਿੰਦਰ ਸਿੰਘ, ਜੁਗਰਾਜ ਸਿੰਘ ਦੀਆਂ ਪੰਜ ਭੈਣਾਂ ਹਨ, ਜੋ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ ਜੁਗਰਾਜ ਸਿੰਘ 14-15 ਸਾਲ ਦੇ ਸਨ ਜਦੋਂ 1984 ਵਿੱਚ ਇੰਦਰਾ ਗਾਂਧੀ ਨੇ ਸ੍ਰੀ ਹਰਿਮੰਦਰ ਸਾਹਿਬ ਉੱਤੇ ਫੌਜੀ ਹਮਲੇ ਦਾ ਹੁਕਮ ਦਿੱਤਾ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਬਾਹੀ ਨੇ ਜੁਗਰਾਜ ਸਿੰਘ ਨੂੰ ਉਦਾਸ ਕਰ ਦਿੱਤਾ ਅਤੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਭੜਕ ਉੱਠੀਆਂ, ਉਨ੍ਹਾਂ ਨੇ ਆਪਣੇ ਦੇਸ਼ ਵਿੱਚ ਸਿੱਖਾਂ ਨਾਲ ਹੋ ਰਹੇ ਅਨਿਆਂ ਵਿਰੁੱਧ ਲੜਨ ਦਾ ਫੈਸਲਾ ਕੀਤਾ ਅਤੇ ਉਨ੍ਹਾਂ ਨੇ 1984 ਤੋਂ ਅਪ੍ਰੈਲ 1990 ਤੱਕ ਸਿੱਖ ਧਰਮ ਨੂੰ ਆਪਣਾ ਜੀਵਨ ਸਮਰਪਿਤ ਕਰ ਦਿੱਤਾ। ਭਾਈ ਜੁਗਰਾਜ ਸਿੰਘ ਨੇ ਲੋਕਾਂ ਦੀ ਰੱਖਿਆ ਕਰਨ ਅਤੇ ਸਿੱਖ ਧਰਮ 'ਤੇ ਅੱਤਿਆਚਾਰ ਕਰਨ ਵਾਲਿਆਂ ਨੂੰ ਸਜ਼ਾ ਦੇਣ ਲਈ ਆਪਣੇ ਹਥਿਆਰ ਵਰਤੇ। ਛੋਟੀ ਉਮਰ ਵਿੱਚ ਹੀ ਉਨ੍ਹਾਂ ਨੇ ਸ਼ਹੀਦ ਭਾਈ ਮਨਬੀਰ ਸਿੰਘ ਚਹੇੜੂ ਅਤੇ ਸ਼ਹੀਦ ਮੇਜਰ ਬਲਦੇਵ ਸਿੰਘ ਘੁੰਮਣ ਨਾਲ ਨਾਭਾ ਸੁਰੱਖਿਆ ਜੇਲ੍ਹ ਵਿੱਚ ਕੁਝ ਸਮਾਂ ਬਿਤਾਇਆ। ਜੇਲ੍ਹ ਵਿੱਚ ਬੰਦ ਸਿੰਘ ਜੁਗਰਾਜ ਸਿੰਘ ਨੂੰ ਕਹਿੰਦੇ ਸਨ ਕਿ ਉਹ ਬਹੁਤ ਛੋਟਾ ਹੈ ਅਤੇ ਉਨ੍ਹਾਂ ਦੇ ਮਾਪਿਆਂ ਦਾ ਇਕਲੌਤਾ ਪੁੱਤਰ ਹੈ, ਇਸ ਲਈ ਉਸਨੂੰ ਰਾਜ ਵਿਰੁੱਧ ਸਿੱਖ ਲੜਾਈ ਵਿੱਚ ਕੁੱਦਣ ਦੀ ਬਜਾਏ ਘਰ ਰਹਿਣਾ ਚਾਹੀਦਾ ਹੈ ਅਤੇ ਪਰਿਵਾਰ ਦੀ ਦੇਖਭਾਲ ਕਰਨੀ ਚਾਹੀਦੀ ਹੈ। ਹਾਲਾਂਕਿ, ਭਾਈ ਸਾਹਿਬ ਹਮੇਸ਼ਾ ਕਹਿੰਦੇ ਸਨ ਕਿ ਉਹ ਸਿੱਖ ਪੰਥ ਦੀ ਸੇਵਾ ਕਰਨਾ ਚਾਹੁੰਦੇ ਹਨ ਅਤੇ ਉਨ੍ਹਾਂ ਨੂੰ ਕੋਈ ਪਰਵਾਹ ਨਹੀਂ ਸੀ ਕਿ ਇਸ ਨਾਲ ਉਨ੍ਹਾਂ ਨੂੰ ਆਪਣੀ ਜਾਨ ਵੀ ਗੁਆਉਣੀ ਪਵੇ। ਇੱਕ ਵਾਰ ਉਸਨੇ ਨਾਭਾ ਜੇਲ੍ਹ ਵਿੱਚ ਇੱਕ ਘਟਨਾ ਵੀ ਸੁਣਾਈ ਕਿ ਕਿਵੇਂ ਉਸਨੇ ਆਪਣੀ ਕਮੀਜ਼ ਦੇ ਹੇਠਾਂ ਆਪਣੀ ਉਂਗਲੀ ਨੂੰ ਪਿਸਤੌਲ ਦੀ ਨਕਲ ਕਰਨ ਲਈ ਵਰਤਿਆ ਅਤੇ ਸਵਾਰੀ ਪ੍ਰਾਪਤ ਕੀਤੀ, ਕਿਉਂਕਿ ਕੋਈ ਵੀ ਉਸਨੂੰ ਦੂਜੇ ਸਿੰਘਾਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਵਿੱਚ ਪਹੁੰਚਣ ਲਈ ਸੜਕ ਕਿਨਾਰੇ ਨਹੀਂ ਰੁਕ ਰਿਹਾ ਸੀ। ਨਾਭਾ ਜੇਲ੍ਹ ਵਿੱਚ ਸਾਰੇ ਸਿੰਘ ਭਾਈ ਸਾਹਿਬ ਦੇ ਪੰਥ ਪ੍ਰਤੀ ਸਮਰਪਣ ਤੋਂ ਪ੍ਰਭਾਵਿਤ ਹੋਏ। 1987 ਵਿੱਚ ਜੁਗਰਾਜ ਸਿੰਘ ਖਾਲਿਸਤਾਨ ਲਿਬਰੇਸ਼ਨ ਫੋਰਸ ਦੇ ਮੁਖੀ ਭਾਈ ਅਵਤਾਰ ਸਿੰਘ ਬ੍ਰਹਮਾ ਦੇ ਸੰਪਰਕ ਵਿੱਚ ਆਏ ਅਤੇ ਉਨ੍ਹਾਂ ਦੀ ਕਮਾਨ ਹੇਠ ਸਿੱਖ ਸੰਘਰਸ਼ ਵਿੱਚ ਹਿੱਸਾ ਲਿਆ। ਜੁਗਰਾਜ ਸਿੰਘ ਨੇ ਜਲੰਧਰ ਵਿੱਚ ਪੰਜਾਬ ਆਰਮਡ ਪੁਲਿਸ ਹੈੱਡਕੁਆਰਟਰ (ਪੀਏਪੀ) ਵਿਖੇ ਕਸਾਈ ਪੁਲਿਸ ਅਫਸਰ ਗੋਬਿੰਦ ਰਾਮ ਦੇ ਕਤਲ ਦੀ ਯੋਜਨਾ ਬਣਾਉਣ ਅਤੇ ਉਸਨੂੰ ਅੰਜਾਮ ਦੇਣ ਵਿੱਚ ਹਿੱਸਾ ਲਿਆ। ਇਸ ਘਟਨਾ ਤੋਂ ਬਾਅਦ ਪੰਜਾਬ ਪੁਲਿਸ ਭਾਈ ਸਾਹਿਬ ਨੂੰ ਖਤਮ ਕਰਨ ਲਈ ਬੇਚੈਨ ਹੋ ਗਈ ਸੀ। ਸਿੱਖ ਕੌਮ ਸ਼ਹੀਦਾਂ ਦੀ ਕੌਮ ਹੈ। ਗੁਰੂ ਗੋਬਿੰਦ ਸਿੰਘ ਜੀ ਨੇ ਸ਼ਹੀਦਾਂ ਤੋਂ ਖਾਲਸਾ ਫੌਜ ਦੀ ਸਿਰਜਣਾ ਕੀਤੀ ਸੀ ਅਤੇ ਸਿਰਫ਼ ਉਹੀ ਸ਼ਹੀਦ ਹਨ ਜਿਨ੍ਹਾਂ ਦੀ ਸ਼ਹੀਦੀ ਗੁਰੂ ਜੀ ਖੁਦ ਪ੍ਰਵਾਨ ਕਰਦੇ ਹਨ। ਭਾਈ ਜੁਗਰਾਜ ਸਿੰਘ ਜੀ ਨੇ ਕਦੇ ਵੀ ਮਾਸੂਮ ਜਨਤਾ 'ਤੇ ਹਥਿਆਰ ਨਹੀਂ ਚੁੱਕੇ ਅਤੇ ਨਾ ਹੀ ਉਨ੍ਹਾਂ ਨੇ ਕਦੇ ਵੀ ਮਾਸੂਮ ਲੋਕਾਂ ਨੂੰ ਲੁੱਟਣ ਵਿੱਚ ਹਿੱਸਾ ਲਿਆ। ਉਹ ਕੌਮ ਲਈ ਸਪੱਸ਼ਟ ਭਾਵਨਾ ਨਾਲ ਲੜੇ ਅਤੇ ਉਨ੍ਹਾਂ ਨੇ ਸਿੱਖ ਕੌਮ ਲਈ ਆਪਣੀ ਜਾਨ ਦੇ ਦਿੱਤੀ ਅਤੇ ਆਪਣੇ ਗੁਰੂ ਦੇ ਹੁਕਮ ਅਨੁਸਾਰ ਸ਼ਹੀਦੀ ਪ੍ਰਾਪਤ ਕੀਤੀ। ਭਾਈ ਸਾਹਿਬ ਇੱਕ ਬਹਾਦਰੀ ਵਾਲੇ ਮਹਾਨ ਵਿਅਕਤੀ ਸਨ ਜਿਨ੍ਹਾਂ ਨੂੰ ਨਾ ਸਿਰਫ਼ ਸਿੱਖ ਆਬਾਦੀ ਸਗੋਂ ਹਿੰਦੂਆਂ ਨੇ ਵੀ ਪਿਆਰ ਕੀਤਾ। ਖਾੜਕੂਵਾਦ ਦੇ ਦਿਨਾਂ ਦੌਰਾਨ ਬਹੁਤ ਸਾਰੇ ਹਿੰਦੂ ਪਿੰਡ ਵਾਸੀ ਆਪਣੇ ਘਰ ਛੱਡ ਕੇ ਸੁਰੱਖਿਅਤ ਥਾਂ 'ਤੇ ਚਲੇ ਗਏ ਸਨ ਪਰ ਜਿਸ ਇਲਾਕੇ ਵਿੱਚ ਭਾਈ ਜੁਗਰਾਜ ਸਿੰਘ ਸਰਗਰਮ ਸਨ, ਉੱਥੇ ਬਹੁਤ ਸਾਰੇ ਹਿੰਦੂ ਪਰਿਵਾਰਾਂ ਨੇ ਆਪਣੇ ਜੱਦੀ ਘਰਾਂ ਨੂੰ ਵਾਪਸ ਜਾਣ ਦਾ ਫੈਸਲਾ ਕੀਤਾ ਕਿਉਂਕਿ ਉਹ ਜੁਗਰਾਜ ਸਿੰਘ ਦੀ ਮੌਜੂਦਗੀ ਵਿੱਚ ਸੁਰੱਖਿਅਤ ਮਹਿਸੂਸ ਕਰਦੇ ਸਨ ਜੋ ਕਿ ਵੱਖ-ਵੱਖ ਧਰਮਾਂ ਦੇ ਸਾਰੇ ਆਦਮੀਆਂ ਦਾ ਨਿਰਪੱਖ ਅਤੇ ਰੱਖਿਆ ਕਰਨ ਵਾਲਾ ਸੀ। ਇਹ ਆਪਣੇ ਆਪ ਵਿੱਚ ਇੱਕ ਉਦਾਹਰਣ ਹੈ ਅਤੇ ਇੱਕ ਸੱਚੇ ਸਿੱਖ ਦੇ ਉੱਚ ਚਰਿੱਤਰ ਦਾ ਪ੍ਰਦਰਸ਼ਨ ਹੈ। 8 ਅਪ੍ਰੈਲ 1990 ਦੀ ਸਵੇਰ ਨੂੰ, ਸ਼੍ਰੀ ਹਰਗੋਬਿੰਦਪੁਰ ਦੇ ਨੇੜੇ ਪਿੰਡ ਮਾੜੀ ਬੁੱਚੀਆਂ ਵਿਖੇ, ਪੁਲਿਸ ਅਤੇ ਸੀਮਾ ਸੁਰੱਖਿਆ ਬਲਾਂ ਨੇ ਭਾਈ ਸਾਹਿਬ ਦੇ ਘਰ ਨੂੰ ਘੇਰ ਲਿਆ ਜਿੱਥੇ ਉਹ ਰਾਤ ਲਈ ਠਹਿਰੇ ਹੋਏ ਸਨ ਅਤੇ ਮੁਕਾਬਲਾ ਸ਼ੁਰੂ ਹੋ ਗਿਆ। ਇਸ ਦਿਨ ਭਾਈ ਸਾਹਿਬ ਬਿਮਾਰ ਸਨ ਅਤੇ ਇੱਕ ਭਰੋਸੇਮੰਦ ਵਿਅਕਤੀ ਉਨ੍ਹਾਂ ਲਈ ਦਵਾਈ ਲੈਣ ਲਈ ਸ਼ਹਿਰ ਗਿਆ ਸੀ। ਜਦੋਂ ਜੁਗਰਾਜ ਸਿੰਘ ਨੇ ਆਪਣੀ ਏਕੇ 94 ਬੰਦੂਕ ਦੀ ਵਰਤੋਂ ਕਰਨੀ ਸ਼ੁਰੂ ਕੀਤੀ, ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਉਨ੍ਹਾਂ ਦੀ ਬੰਦੂਕ ਦੀ ਪਿੰਨ ਗਾਇਬ ਸੀ। ਉਸ ਸਮੇਂ ਭਾਈ ਸਾਹਿਬ ਨੂੰ ਅਹਿਸਾਸ ਹੋਇਆ ਕਿ ਜੋ ਵਿਅਕਤੀ ਦਵਾਈ ਲੈਣ ਲਈ ਸ਼ਹਿਰ ਗਿਆ ਸੀ ਉਹ ਇੱਕ ਗੱਦਾਰ ਸੀ ਅਤੇ ਉਨ੍ਹਾਂ ਨੇ ਬੰਦੂਕ ਦੀ ਪਿੰਨ ਕੱਢੀ ਅਤੇ ਫਿਰ ਉਸ 'ਤੇ ਪੁਲਿਸ ਭੇਜ ਦਿੱਤੀ। ਪੰਜੇ ਸਿੰਘ ਮਾਸੂਮ ਜਾਨਾਂ ਬਚਾਉਣ ਲਈ ਘਰੋਂ ਨਿਕਲੇ ਅਤੇ ਗੰਨੇ ਦੇ ਖੇਤ ਵਿੱਚ ਭੱਜ ਗਏ। ਤਿੰਨ ਸਿੰਘ ਇੱਕ ਪਾਸੇ ਚਲੇ ਗਏ ਜਦੋਂ ਕਿ ਜੁਗਰਾਜ ਸਿੰਘ ਅਤੇ ਬਖਸ਼ੀਸ਼ ਸਿੰਘ ਦੂਜੇ ਪਾਸੇ ਚਲੇ ਗਏ। ਇਸ ਗੋਲੀਬਾਰੀ ਦੌਰਾਨ ਜੁਗਰਾਜ ਸਿੰਘ ਦੀ ਲੱਤ ਵਿੱਚ ਗੋਲੀ ਲੱਗ ਗਈ ਅਤੇ ਉਹ ਹਿੱਲਣ ਤੋਂ ਅਸਮਰੱਥ ਸੀ, ਇਸ ਲਈ ਉਨ੍ਹਾਂ ਨੇ ਬਖਸ਼ੀਸ਼ ਨੂੰ ਉਸਨੂੰ ਛੱਡਣ ਲਈ ਕਿਹਾ ਪਰ ਬਖਸ਼ੀਸ਼ ਸਿੰਘ ਨੇ ਉਸਨੂੰ ਇਕੱਲਾ ਛੱਡਣ ਤੋਂ ਇਨਕਾਰ ਕਰ ਦਿੱਤਾ। ਭਾਈ ਬਖਸ਼ੀਸ਼ ਸਿੰਘ ਨੇ ਜੁਗਰਾਜ ਸਿੰਘ ਨੂੰ ਆਪਣੇ ਮੋਢਿਆਂ 'ਤੇ ਚੁੱਕਿਆ ਅਤੇ ਟਰੈਕਟਰ 'ਤੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਟਰੈਕਟਰ ਖੇਤ ਵਿੱਚ ਫਸ ਗਿਆ ਅਤੇ ਉਹ ਦੋਵੇਂ ਪੁਲਿਸ ਦੀਆਂ ਗੋਲੀਆਂ ਨਾਲ ਜ਼ਖਮੀ ਹੋ ਗਏ। ਜੁਗਰਾਜ ਸਿੰਘ ਟਰੈਕਟਰ 'ਤੇ ਹੀ ਸ਼ਹੀਦ ਹੋ ਗਿਆ ਜਦੋਂ ਕਿ ਬਖਸ਼ੀਸ਼ ਸਿੰਘ ਕੁਝ ਘਰਾਂ ਦੇ ਪਿੱਛੇ ਲੁਕ ਗਿਆ ਅਤੇ ਲੜਦਾ ਰਿਹਾ ਅਤੇ ਬਾਅਦ ਵਿੱਚ ਗੋਲੀਆਂ ਲੱਗਣ ਨਾਲ ਉਸਦੀ ਮੌਤ ਹੋ ਗਈ। ਭਾਈ ਬਲਜੀਤ ਸਿੰਘ ਅਤੇ ਭਾਈ ਪਿਆਰਾ ਸਿੰਘ ਸਮੇਤ ਤਿੰਨ ਹੋਰ ਸਿੰਘ ਗੋਲੀਬਾਰੀ ਵਿੱਚੋਂ ਬਚ ਨਿਕਲਣ ਵਿੱਚ ਕਾਮਯਾਬ ਹੋ ਗਏ। ਭਾਈ ਸਾਹਿਬ ਜੀ ਦੀ ਮ੍ਰਿਤਕ ਦੇਹ ਲੈਣ ਲਈ ਲਗਭਗ ਇੱਕ ਹਜ਼ਾਰ ਸਿੱਖ ਅਤੇ ਹਿੰਦੂਆਂ ਨੇ ਸ੍ਰੀ ਹਰਗੋਬਿੰਦਪੁਰ ਪੁਲਿਸ ਸਟੇਸ਼ਨ ਨੂੰ ਘੇਰ ਲਿਆ। ਉਨ੍ਹਾਂ ਦੇ ਸਸਕਾਰ ਵਾਲੇ ਦਿਨ ਅੰਦਾਜ਼ਾ ਲਗਾਇਆ ਜਾਂਦਾ ਹੈ ਕਿ ਉਨ੍ਹਾਂ ਨੂੰ ਅੰਤਿਮ ਸ਼ਰਧਾਂਜਲੀ ਦੇਣ ਲਈ ਲਗਭਗ ਚਾਰ ਲੱਖ (400,000) ਲੋਕ ਇਕੱਠੇ ਹੋਏ ਸਨ ਜੋ ਕਿ ਸਿੱਖ ਇਤਿਹਾਸ ਵਿੱਚ ਇੱਕ ਵਾਰ ਫਿਰ ਆਪਣੀ ਇੱਕ ਉਦਾਹਰਣ ਹੈ।ਦਮਦਮੀ ਟਕਸਾਲ ਦੇ ਬਾਬਾ ਠਾਕੁਰ ਸਿੰਘ, ਸ਼ਹੀਦ ਮੇਜਰ ਬਲਦੇਵ ਸਿੰਘ ਘੁੰਮਣ, ਸਿਮਰਨਜੀਤ ਸਿੰਘ ਮਾਨ, ਬੀਬੀ ਰਾਜਿੰਦਰ ਕੌਰ ਬੁਲਾਰਾ, ਬੀਬੀ ਬਿਮਲ ਕੌਰ ਖਾਲਸਾ, ਅਤੇ ਜਸਟਿਸ ਅਜੀਤ ਸਿੰਘ ਬੈਂਸ ਨੇ ਭਾਈ ਸਾਹਿਬ ਜੀ ਦੀ ਅੰਤਿਮ ਅਰਦਾਸ ਦੌਰਾਨ ਮਹਾਨ ਨਾਇਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਦਿਨ ਸ੍ਰੀ ਹਰਗੋਬਿੰਦਪੁਰ ਦੀ ਭਾਜਪਾ ਪਾਰਟੀ ਦੇ ਪ੍ਰਧਾਨ ਸ੍ਰੀ ਦਰਸ਼ਨ ਲਾਲ ਚੋਪੜਾ ਨੇ ਕਿਹਾ ਕਿ ਜੁਗਰਾਜ ਸਿੰਘ ਉਨ੍ਹਾਂ ਦੀ ਢਾਲ ਸਨ ਅਤੇ ਹਿੰਦੂਆਂ ਦੀ ਰੱਖਿਆ ਕਰਦੇ ਸਨ ਅਤੇ ਅੱਜ ਉਨ੍ਹਾਂ ਦੇ ਜਾਣ ਤੋਂ ਬਾਅਦ ਅਸੀਂ ਇਕੱਲੇ ਮਹਿਸੂਸ ਕਰਦੇ ਹਾਂ। ਸਿੱਖ ਬਹਾਦਰਾਂ ਲਈ ਤਿੰਨ ਪੁਰਸਕਾਰ ਦਿੱਤੇ ਜਾਂਦੇ ਹਨ। ਸੂਰਬੀਰ ਯੋਧਾ ਐਵਾਰਡ, ਬਾਬਾ ਬੰਦਾ ਸਿੰਘ ਬਹਾਦਰ ਐਵਾਰਡ ਅਤੇ ਸ੍ਰੀ ਦਸਮੇਸ਼ ਚਾਕਰ ਐਵਾਰਡ। ਅਖੰਡ ਕੀਰਤਨ ਜਥੇ ਦੇ ਭਾਈ ਫੌਜਾ ਸਿੰਘ ਜੀ ਨੂੰ 1978 ਦੀ ਵਿਸਾਖੀ ਨੂੰ ਸੂਰਬੀਰ ਯੋਧਾ ਪੁਰਸਕਾਰ, 4 ਜੂਨ 1984 ਨੂੰ ਸੰਤ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਅਤੇ ਜਨਰਲ ਸੁਬੇਗ ਸਿੰਘ ਨੂੰ ਬਾਬਾ ਬੰਦਾ ਸਿੰਘ ਬਹਾਦਰ ਪੁਰਸਕਾਰ, 31 ਅਕਤੂਬਰ 1984 ਨੂੰ ਭਾਈ ਬੇਅੰਤ ਸਿੰਘ ਜੀ ਨੂੰ ਬਾਬਾ ਬੰਦਾ ਸਿੰਘ ਬਹਾਦਰ ਪੁਰਸਕਾਰ ਅਤੇ ਸਤਵਾਨ ਸਿੰਘ ਬਹਾਦਰ ਪੁਰਸਕਾਰ ਮਿਲਿਆ। 8 ਅਪ੍ਰੈਲ 1990 ਨੂੰ ਪਹਿਲੀ ਵਾਰ ਭਾਈ ਜੁਗਰਾਜ ਸਿੰਘ ਜੀ ਨੂੰ ਸ੍ਰੀ ਦਸਮੇਸ਼ ਚਾਕਰ ਪੁਰਸਕਾਰ ਮਿਲਿਆ, ਜੋ ਕਿ ਕਿਸੇ ਸਿੱਖ ਸ਼ਹੀਦ ਨੂੰ ਦਿੱਤਾ ਜਾਣ ਵਾਲਾ ਸਭ ਤੋਂ ਵੱਡਾ ਪੁਰਸਕਾਰ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

### ਅੱਜ ਨਵੇਂ ਜਥੇਦਾਰ ਦਾ ਪੈਰ ਧਰਾਵਾ ਕਰਵਾ ਲਿਆ ਗਿਆ

# ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗਜ ਦੀ ਅਗਵਾਈ ਵਿੱਚ ਹੋਈ ਮੀਟਿੰਗ ਦੌਰਾਨ ਪਾਸ ਕੀਤੇ ਗਏ ਮਤੇ

**ਸ੍ਰੀ ਅੰਮ੍ਰਿਤਸਰ ਸਾਹਿਬ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਅਗਵਾਈ ਵਿੱਚ ਅੱਜ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਹੋਈ। ਇਕੱਤਰਤਾ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰਾ ਗਿਆਨੀ ਮੰਗਲ ਸਿੰਘ ਹਾਜ਼ਰ ਹਨ। ਇਕੱਤਰਤਾ ਵਿੱਚ ਹੇਠ ਲਿਖੇ ਅਨੁਸਾਰ ਮਤੇ ਪਾਸ ਕੀਤੇ ਗਏ।




**ਮਤਾ ਨੰਬਰ 01 :** ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ। ਜਿਸ ਵਿਚ ਪੰਜ ਸਿੰਘ ਸਾਹਿਬਾਨ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਗੁਰਪੁਰਵਾਸੀ ਗਿਆਨੀ ਮਲਕੀਤ ਸਿੰਘ ਜੀ (ਖੰਡੂਰ), ਸਾਬਕਾ ਪੰਜ ਪਿਆਰੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗੁਰਬਾਣੀ ਸੰਥਿਆ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਪਰਿਵਾਰ (ਸਿੰਘਣੀ) ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਨਮਾਨ ਕੀਤਾ ਜਾਵੇਗਾ।

**ਮਤਾ ਨੰਬਰ 02 :** ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਸਰਬਸੰਮਤੀ ਨਾਲ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਵੱਲੋਂ ਦਸ਼ਮੇਸ਼ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਨੂੰ ਸਫਰ-ਏ-ਸ਼ਹਾਦਤ ਰਾਹੀਂ ਪ੍ਰਚਾਰ ਕਰਦਿਆਂ ਕੀਤੀਆਂ ਸੇਵਾਵਾਂ ਦੇ ਮੱਦੇਨਜ਼ਰ ਉਨ੍ਹਾਂ ਦੀ ਸ਼ਲਾਘਾ ਕੀਤੀ ਜਾਂਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਇਨ੍ਹਾਂ ਦਾ ਸਨਮਾਨ ਕੀਤਾ ਜਾਵੇਗਾ।

**ਮਤਾ ਨੰਬਰ 03 :** ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਕਿ ਹਰ ਗੁਰਸਿੱਖ ਜਿਥੇ ਨਿਤਨੇਮ ਕਰਦਾ ਹੈ ਉਥੇ ਹੀ ਪ੍ਰੇਰਣਾ ਦਿੱਤੀ ਜਾਂਦੀ ਹੈ ਕਿ ਆਪਣੇ ਘਰ ਅੰਦਰ ਸੌਣ ਤੋਂ ਅੱਧਾ ਘੰਟਾ ਪਹਿਲਾਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸਬੰਧਿਤ ਸਾਖੀਆਂ ਸੁਣਾਉਣ ਦੀ ਰਵਾਇਤ ਮੁੜ ਸੁਰਜੀਤ ਕਰੇ ਤਾਂ ਕਿ ਬੱਚਿਆਂ ਨੂੰ ਸਿੱਖ ਕਦਰਾਂ ਕੀਮਤਾਂ ਦਾ ਵੱਧ ਤੋਂ ਵੱਧ ਗਿਆਨ ਹੋ ਸਕੇ ਤੇ ਸਿੱਖੀ ਨਾਲ ਪਿਆਰ ਵੱਧ ਸਕੇ।

**ਮਤਾ ਨੰਬਰ 04 :** ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਸਮੁੱਚੇ ਸਿੱਖ ਜਗਤ ਨੂੰ ਪ੍ਰੇਰਣਾ ਕੀਤੀ ਗਈ ਕਿ ਹਰ ਸਿੱਖ ਅੰਤਿਮ ਅਰਦਾਸ ਸਮੇਂ ਸਾਦੇ ਲੰਗਰ ਤਿਆਰ ਕਰਕੇ ਗੁਰੂ ਕੇ ਲੰਗਰ ਦੀ ਮੂਲ ਭਾਵਨਾ ਤੇ ਰਵਾਇਤਾਂ ਅਨੁਸਾਰ ਪਹਿਰਾ ਦੇਵੇ। ਗੁਰੂ ਸਾਹਿਬ ਜੀ ਦਾ ਫੁਰਮਾਨ ਹੈ ਕਿਃ-

"ਮਾਤਾ ਪ੍ਰੀਤਿ ਕਰੇ ਪੁਤੁ ਖਾਇ॥ ਮੀਨੇ ਪ੍ਰੀਤਿ ਭਈ ਜਲਿ ਨਾਇ॥ ਸਤਿਗੁਰ ਪ੍ਰੀਤਿ ਗੁਰਸਿਖ ਮੁਖਿ ਪਾਇ॥1॥"

ਇਸ ਲਈ ਇਹ ਖਰਚ ਲੋੜਵੰਦ ਬੱਚਿਆਂ ਦੀ ਮਦਦ 'ਤੇ ਲਗਾਇਆ ਜਾਵੇ।

**ਮਤਾ ਨੰਬਰ 05 :** ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਫੈਸਲਾ ਕੀਤਾ ਗਿਆ ਕਿ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਇਕਬਾਲ ਸਿੰਘ ਨੂੰ ਪਹਿਲਾਂ ਮਿਤੀ 32 ਹਾੜ ਨਾਨਕਸ਼ਾਹੀ ਸੰਮਤ 556 ਮੁਤਬਿਕ 15 ਜੁਲਾਈ 2024 ਨੂੰ ਮਤਾ ਨੰਬਰ 04 ਰਾਹੀਂ ਸ੍ਰੀ ਅਕਾਲ ਤਖ਼ਤ ਸਾਹਿਬ ਪਾਸੋਂ ਬੀਤੇ ਵਿਚ ਉਨ੍ਹਾਂ ਵੱਲੋਂ ਕੀਤੀਆਂ ਗਲਤੀਆਂ ਲਈ ਤਨਖਾਹ ਲਗਾਈ ਗਈ ਸੀ, ਜਿਸ ਵਿਚ ਉਨ੍ਹਾਂ ਨੇ ਭੁੱਲ ਬਖਸ਼ਾਈ ਸੀ ਪਰੰਤੂ ਉਸ ਤੋਂ ਬਾਅਦ ਵੀ ਉਨ੍ਹਾਂ ਦੇ ਖਿਲਾਫ ਸ੍ਰੀ ਅਕਾਲ ਤਖ਼ਤ ਸਾਹਿਬ ਪਾਸ ਸ਼ਿਕਾਇਤਾਂ ਆ ਰਹੀਆਂ ਹਨ ਅਤੇ ਬਹੁਤ ਗੰਭੀਰ ਇਲਜ਼ਾਮ ਲੱਗੇ ਹਨ। ਇਸ ਲਈ ਜਦੋਂ ਤੱਕ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਪੱਖ ਨਹੀਂ ਰੱਖਦੇ ਤੇ ਲੱਗੇ ਇਲਜ਼ਾਮਾਂ ਤੋਂ ਸੁਰਖੁਰੂ ਨਹੀਂ ਹੋ ਜਾਂਦੇ ਉਦੋਂ ਤੱਕ ਉਹ ਪੰਥਕ ਸਰਗਰਮੀਆਂ ਅਤੇ ਸਮਾਗਮਾਂ ਵਿਚ ਸ਼ਮੂਲੀਅਤ ਤੋਂ ਗੁਰੇਜ਼ ਕਰਨ। ਇਨ੍ਹਾਂ ਦੀਆਂ ਪੰਥਕ ਸੇਵਾਵਾਂ 'ਤੇ ਰੋਕ ਲਗਾਈ ਜਾਂਦੀ ਹੈ।

**ਮਤਾ ਨੰਬਰ 06 :** ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਮਹਿਸੂਸ ਕੀਤਾ ਗਿਆ ਕਿ ਅੱਜ ਪੰਜਾਬ ਵਿਚ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਦੀ ਅਤਿ ਲੋੜ ਹੈ ਤਾਂ ਜੋ ਹਰ ਸਿੱਖ ਗੁਰੂ ਸਾਹਿਬ ਜੀ ਦੇ ਫਲਸਫੇ ਤੋਂ ਜਾਣੂ ਹੋ ਸਕੇ। ਇਸ ਲਈ ਵਿਸ਼ਵ ਭਰ ਦੀਆਂ ਸਿੱਖ ਸੰਸਥਾਵਾਂ ਦੇ ਪੰਥ ਪ੍ਰਸਿੱਧ ਪ੍ਰਚਾਰਕ, ਰਾਗੀ ਢਾਡੀ ਤੇ ਕਵੀਸ਼ਰ ਸਾਹਿਬਾਨ ਆਪਣੇ ਦੇਸ਼-ਵਿਦੇਸ਼ ਦੇ ਦੌਰਿਆਂ ਤੋਂ ਇਲਾਵਾ ਪੰਜਾਬ ਮੁੜਣ ਅਤੇ ਅਗਲੇ ਚਾਰ ਮਹੀਨੇ ਪੰਜਾਬ ਦੇ ਦੱਸ ਪਿੰਡ ਚੁਣ ਕੇ ਉਨ੍ਹਾਂ ਵਿਚ ਸਮਰਪਿਤ ਹੋ ਕੇ ਪ੍ਰਚਾਰ ਕਰਨ। ਭਾਈ ਗੁਰਦਾਸ ਜੀ ਦਾ ਕਥਨ ਹੈਃ- "ਰੇਤੁ ਅਕੁ ਆਹਾਰੁ ਕਰਿ ਰੋੜਾ ਕੀ ਗੁਰ ਕਰੀ ਵਿਛਾਈ। ਭਾਰੀ ਕਰੀ ਤਪਸਿਆ ਵਡੇ ਭਾਗੁ ਹਰਿ ਸਿਉ ਬਨਿ ਆਈ।"

ਭਾਵੇਂ ਕਿ ਇਹ ਕਠਿਨ ਹੈ ਪਰ ਅਸੀਂ ਗੁਰੂ ਪਾਤਸ਼ਾਹ ਦਾ ਓਟ ਆਸਰਾ ਲੈ ਕੇ ਅਤੇ ਉਨ੍ਹਾਂ ਵੱਲੋਂ ਪਾਏ ਪੂਰਨਿਆਂ 'ਤੇ ਚੱਲਦਿਆ ਇਸ ਕਾਰਜ ਵਿਚ ਫਤਿਹ ਪਾ ਸਕਦੇ ਹਾਂ।

**ਮਤਾ ਨੰਬਰ 07 :** ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਿਤੀ 32 ਜੇਠ ਸੰਮਤ ਨਾਨਕਸ਼ਾਹੀ 550 ਮੁਤਾਬਿਕ 14 ਜੂਨ 2018 ਨੂੰ ਮਤਾ ਨੰਬਰ 01 ਦੀ ਰੋਸ਼ਨੀ ਵਿਚ ਵਿਚਾਰ ਅੱਗੇ ਵਧਾਉਂਦਿਆਂ ਫੈਸਲਾ ਕੀਤਾ ਕਿ ਗੁਰਦੁਆਰਾ ਸਾਹਿਬਾਨ ਵਿਚ ਸੇਵਾ ਨਿਭਾਉਣ ਵਾਲੇ ਗ੍ਰੰਥੀ ਸਿੰਘ, ਕੀਰਤਨੀਏ ਸਿੰਘ ਅਤੇ ਸੇਵਾਦਾਰਾਂ ਦੇ ਪਰਿਵਾਰਾਂ ਦਾ ਚੰਗਾ ਪਾਲਣ ਪੋਸ਼ਣ ਅਤੇ ਬੱਚਿਆਂ ਦੀ ਪੜ੍ਹਾਈ ਵੱਲ ਨਗਰ ਦੀਆਂ ਸੰਗਤਾਂ, ਗੁਰਦੁਆਰਾ ਕਮੇਟੀਆਂ ਚੰਗੀ ਤਰ੍ਹਾਂ ਧਿਆਨ ਦੇਣ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਹਿਲੇ ਮਤੇ ਤੋਂ ਬਾਅਦ ਭਾਵੇਂ ਕਿ ਕਈ ਗੁਰੂ ਘਰਾਂ ਦੇ ਗ੍ਰੰਥੀ ਸਿੰਘ, ਕੀਰਤਨੀਏ ਸਿੰਘ ਅਤੇ ਸੇਵਾਦਾਰਾਂ ਦਾ ਮਾਨ ਸਨਮਾਨ ਕੀਤਾ ਗਿਆ ਹੈ ਪਰੰਤੂ ਅਜੇ ਵੀ ਬਹੁਤ ਕੁਝ ਕਰਨ ਦੀ ਲੋੜ ਹੈ।

**ਮਤਾ ਨੰਬਰ 08 :** ਅੱਜ ਮਿਤੀ 26 ਚੇਤ ਨਾਨਕਸ਼ਾਹੀ ਸੰਮਤ 557 ਮੁਤਾਬਿਕ 08 ਅਪ੍ਰੈਲ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿਚ ਪੰਜ ਸਿੰਘ ਸਾਹਿਬਾਨ ਨੇ ਫੈਸਲਾ ਕੀਤਾ ਕੇ 01 ਵੈਸਾਖ ਨਾਨਕਸ਼ਾਹੀ ਸੰਮਤ 557 ਮੁਤਾਬਿਕ 13 ਅਪ੍ਰੈਲ 2025 ਨੂੰ ਖਾਲਸੇ ਦੇ ਸਾਜਨਾ ਦਿਹਾੜਾ ਮਨਾਇਆ ਜਾ ਰਿਹਾ ਹੈ। ਸਮੁੱਚੀ ਦੁਨੀਆ ਵਿਚ ਇਸ ਦਿਨ ਵਿਸ਼ੇਸ਼ ਗੁਰਮਤਿ ਸਮਾਗਮ ਅਤੇ ਵੱਡੇ ਪੱਧਰ 'ਤੇ ਅੰਮ੍ਰਿਤ ਸੰਚਾਰ ਦੇ ਪ੍ਰਬੰਧ ਕੀਤੇ ਜਾਣ। ਤਖ਼ਤ ਸਾਹਿਬਾਨ 'ਤੇ ਵੀ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ, ਸੰਗਤ ਵੱਧ ਤੋਂ ਵੱਧ ਲਾਹਾ ਲੈ ਕੇ ਗੁਰੂ ਵਾਲੀ ਬਣੇ। ਵੈਸਾਖੀ ਵਾਲੇ ਦਿਨ ਖਾਲਸੇ ਦੀ ਸਾਜਨਾ ਕਰਕੇ ਦਸ਼ਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਨੂੰ ਸਾਂਝਾ ਪਰਿਵਾਰ ਬਣਾਇਆ ਹੈ, ਅਸੀਂ ਇੱਕ ਦੂਜੇ ਦੇ ਦੁੱਖ-ਸੁੱਖ ਵਿਚ ਸ਼ਾਮਲ ਹੋਈਏ ਅਤੇ ਸਮੁੱਚੀ ਦੁਨੀਆ ਵਿਚ ਇੱਕ ਪਰਿਵਾਰ ਵਾਂਗ ਵਿਚਰਦਿਆਂ ਇਸ ਸਿਧਾਂਤ 'ਤੇ ਪਹਿਰਾ ਦਈਏ।

### ਭਾਜਪਾ ਨੇਤਾ ਸ਼੍ਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਗ੍ਰਨੇਡ ਹਮਲਾ

# ਪੰਜਾਬ ਵਿੱਚ ਕਾਬੂ ਤੋਂ ਬਾਹਰ ਕਾਨੂੰਨ ਵਿਵਸਥਾ ਦੀ ਇੱਕ ਵੱਡੀ ਜਿਉਂਦੀ ਜਾਗਦੀ ਮਿਸਾਲ ਹੈ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਜਲੰਧਰ ਵਿੱਚ ਭਾਜਪਾ ਨੇਤਾ ਸ਼੍ਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਗ੍ਰਨੇਡ ਹਮਲਾ ਪੰਜਾਬ ਵਿੱਚ ਵਿਗੜਦੀ ਅਤੇ ਕਾਬੂ ਤੋਂ ਬਾਹਰ ਕਾਨੂੰਨ ਵਿਵਸਥਾ ਦੀ ਇੱਕ ਵੱਡੀ ਜਿਉਂਦੀ ਜਾਗਦੀ ਮਿਸਾਲ ਹੈ। ਸਵਾਲ ਉੱਠਦਾ ਹੈ ਕਿ ਜੇਕਰ ਪੰਜਾਬ ਸਰਕਾਰ ਵਿੱਚ ਦੋ ਵਾਰ ਮੰਤਰੀ ਰਹੇ, ਤਿੰਨ ਵਾਰ ਵਿਧਾਇਕ ਰਹੇ, ਭਾਜਪਾ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਰਹੇ, ਜੋ ਵਰਤਮਾਨ ਵਿੱਚ ਭਾਜਪਾ ਦੀ ਰਾਸ਼ਟਰੀ ਕਾਰਜਕਾਰਨੀ ਦੇ ਮੈਂਬਰ ਹਨ, ਵਰਗੀ ਮਹੱਤਵਪੂਰਨ ਸ਼ਖ਼ਸੀਅਤ 'ਤੇ ਹਮਲਾ ਹੋ ਸਕਦਾ ਹੈ, ਤਾਂ 'ਆਪ' ਸਰਕਾਰ ਪੰਜਾਬ ਵਿੱਚ ਆਮ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੀ ਕਰੇਗੀ? ਉਹਨਾਂ ਕਿਹਾ ਕਿ ਸਮੱਸਿਆ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਪੁਲਿਸ ਨੂੰ ਹੁਕਮ ਦੇਣ ਵਿੱਚ ਹੈ, ਜੋ ਕਿ ਪੰਜਾਬ ਦੇ ਗ੍ਰਹਿ ਮੰਤਰੀ ਵੀ ਹਨ। ਮਾਨ ਵੱਲੋਂ 'ਆਪ' ਪਾਰਟੀ ਦੇ ਰਾਜਨੀਤਿਕ ਹਿੱਤਾਂ ਦੀ ਪੂਰਤੀ ਲਈ ਪੰਜਾਬ ਪੁਲਿਸ ਫੋਰਸ ਦੀ ਵਰਤੋਂ ਕਰਨ ਕਾਰਨ, ਜਨਤਾ ਦੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਕੋਈ ਫੋਰਸ ਨਹੀਂ ਬਚੀ ਹੈ। ਉਹਨਾਂ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਦੇ ਸਭ ਤੋਂ ਮਹੱਤਵਪੂਰਨ ਸ਼ਹਿਰ ਜਲੰਧਰ ਦੇ ਵਿਚਕਾਰ ਸਥਿਤ ਸ਼੍ਰੀ ਕਾਲੀਆ ਜੀ ਦੇ ਨਿਵਾਸ ਸਥਾਨ 'ਤੇ ਗ੍ਰਨੇਡ ਹਮਲਾ ਹੋਇਆ, ਉਸ ਤੋਂ ਸਪੱਸ਼ਟ ਹੈ ਕਿ ਪੰਜਾਬ ਦੇ ਸ਼ਹਿਰ ਵੀ ਹੁਣ ਸੁਰੱਖਿਅਤ ਨਹੀਂ ਹਨ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਕਾਨੂੰਨ ਵਿਵਸਥਾ ਦੀ ਸਥਿਤੀ ਲਗਾਤਾਰ ਖ਼ਰਾਬ ਹੋ ਰਹੀ ਹੈ। ਚਾਹੇ ਮਈ 2022 ਵਿੱਚ ਪੰਜਾਬ ਪੁਲਿਸ ਦੇ ਇੰਟੈਲੀਜੈਂਸ ਹੈੱਡਕੁਆਰਟਰ ਅਤੇ ਸਰਹਾਲੀ ਥਾਣੇ 'ਤੇ ਰੌਕਟ ਹਮਲਾ ਹੋਵੇ ਜਾਂ ਅਪ੍ਰੈਲ 2022 ਵਿੱਚ ਪਟਿਆਲਾ ਵਿੱਚ ਕਾਲੀ ਮਾਤਾ ਮੰਦਰ 'ਤੇ ਹਮਲਾ ਹੋਵੇ ਜਾਂ ਮਈ 2023 ਵਿੱਚ ਹਰਿਮੰਦਰ ਸਾਹਿਬ ਨੇੜੇ ਲੜੀਵਾਰ ਧਮਾਕੇ ਹੋਣ ਜਾਂ 15 ਮਾਰਚ 2025 ਨੂੰ ਅੰਮ੍ਰਿਤਸਰ ਨੇੜੇ ਖੰਡਵਾਲਾ, ਪੰਜਾਬ ਵਿੱਚ ਠਾਕੁਰਦੁਆਰਾ ਹਿੰਦੂ ਮੰਦਰ 'ਤੇ ਗ੍ਰਨੇਡ ਹਮਲਾ ਹੋਵੇ, ਇਹ ਸਭ ਪੰਜਾਬ ਸਰਕਾਰ ਦੀ ਕਾਨੂੰਨ ਵਿਵਸਥਾ ਨੂੰ ਸੰਭਾਲਣ ਵਿੱਚ ਅਸਫਲਤਾ ਨੂੰ ਦਰਸਾਉਂਦਾ ਹੈ। ਭਾਜਪਾ ਆਗੂ ਨੇ ਕਿਹਾ ਕਿ 'ਆਪ' ਸਰਕਾਰ ਦੇ ਸ਼ਾਸਨਕਾਲ ਦੌਰਾਨ ਜਿਸ ਤਰ੍ਹਾਂ ਪੁਲਿਸ ਥਾਣਿਆਂ ਅਤੇ ਚੌਕੀਆਂ 'ਤੇ ਲਗਾਤਾਰ ਅੱਤਵਾਦੀ ਹਮਲੇ ਕੀਤੇ ਜਾ ਰਹੇ ਹਨ, ਉਸ ਤੋਂ ਸਪੱਸ਼ਟ ਹੈ ਕਿ ਪੰਜਾਬ ਪੁਲਿਸ ਕਾਨੂੰਨ ਵਿਵਸਥਾ ਬਣਾਈ ਰੱਖਣ ਦੀ ਬਜਾਏ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸੰਜੇ ਸਿੰਘ, ਵੈਭਵ ਕੁਮਾਰ ਅਤੇ ਹੋਰ ਦਿੱਲੀ ਦੇ ਆਪ ਆਗੂਆਂ ਨੂੰ ਜ਼ੈੱਡ ਪਲੱਸ ਸੁਰੱਖਿਆ ਪ੍ਰਦਾਨ ਕਰਨ ਵਿੱਚ ਰੁੱਝੀ ਹੋਈ ਹੈ ਅਤੇ ਇਹ ਆਪਣੀਆਂ ਵਿਰੋਧੀ ਪਾਰਟੀਆਂ ਜਿਵੇਂ ਕਿ ਕਾਂਗਰਸ, ਅਕਾਲੀ ਦਲ, ਭਾਜਪਾ ਆਦਿ ਦੀ ਜਾਸੂਸੀ ਕਰਨ ਵਿੱਚ ਰੁੱਝਿਆ ਹੋਇਆ ਹੈ। ਇਹ ਬਹੁਤ ਹੈਰਾਨੀ ਵਾਲੀ ਗੱਲ ਹੈ ਕਿ ਪੰਜਾਬ ਵਿੱਚੋਂ ਅੱਤਵਾਦ ਨੂੰ ਜੜ੍ਹੋਂ ਪੁੱਟਣ ਵਾਲੀ ਬਹਾਦਰ ਪੰਜਾਬ ਪੁਲਿਸ ਆਪਣੇ ਥਾਣਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਯੋਗ ਨਹੀਂ ਹੈ?। ਅਜਨਾਲਾ ਪੁਲਿਸ ਸਟੇਸ਼ਨ, ਅੰਮ੍ਰਿਤਸਰ ਦੇ ਬਾਹਰ ਪੁਲਿਸ ਚੌਕੀ, ਗੁਰਬਖਸ਼ ਨਗਰ ਪੁਲਿਸ ਚੌਕੀ, ਕਾਠਗੜ੍ਹ ਪੁਲਿਸ ਚੌਕੀ, ਮਜੀਠਾ ਪੁਲਿਸ ਸਟੇਸ਼ਨ, ਘਣੀ ਦਾ ਬਾਂਗਰ ਪੁਲਿਸ ਸਟੇਸ਼ਨ, ਅਲੀਵਾਲ ਪੁਲਿਸ ਸਟੇਸ਼ਨ, ਇਸਲਾਮਾਬਾਦ ਪੁਲਿਸ ਸਟੇਸ਼ਨ, ਬਖਸ਼ੀਵਾਲ ਪੁਲਿਸ ਚੌਕੀ, ਵਡਾਲਾ ਪੁਲਿਸ ਚੌਕੀ, ਗੁਮਟਾਲਾ ਪੁਲਿਸ ਚੌਕੀ ਆਦਿ 'ਤੇ ਹਮਲੇ ਇਸ ਦੀਆਂ ਸਪੱਸ਼ਟ ਉਦਾਹਰਣਾਂ ਹਨ।

# ਪੰਜਾਬ ਦਾ ਪੁਲਿਸ ਰਾਜ ਅਜ਼ਾਦ ਬੋਲੀ 'ਤੇ ਨਿਸ਼ਾਨਾ ਸਾਧਦਾ ਹੈ

## 'ਐਕਸ' ਨੇ ਸੁਖਪਾਲ ਸਿੰਘ ਖਹਿਰਾ ਨੂੰ ਸਰਕਾਰ ਦੇ ਆਲੋਚਨਾ ਨੂੰ ਚੁੱਪ ਕਰਨ ਦੀ ਕੋਸ਼ਿਸ਼ ਬਾਰੇ ਸੂਚਿਤ ਕੀਤਾ



**ਚੰਡੀਗੜ੍ਹ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਤਾਨਾਸ਼ਾਹੀ ਰਣਨੀਤੀਆਂ ਦੇ ਡਰਾਉਣੇ ਵਾਧੇ ਵਿੱਚ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅਜ਼ਾਦ ਬੋਲੀ 'ਤੇ ਨੰਗਾ ਹਮਲਾ ਸ਼ੁਰੂ ਕੀਤਾ ਹੈ, ਜਿਸ ਦਾ ਨਿਸ਼ਾਨਾ ਵਿਰੋਧੀ ਧਿਰ ਦੇ ਆਵਾਜ਼ ਉਠਾਉਣ ਵਾਲੇ ਆਗੂ ਅਤੇ ਇੰਡੀਅਨ ਨੈਸ਼ਨਲ ਕਾਂਗਰਸ ਦੇ ਮੈਂਬਰ ਸੁਖਪਾਲ ਸਿੰਘ ਖਹਿਰਾ ਨੂੰ ਬਣਾਇਆ ਗਿਆ ਹੈ। 8 ਅਪ੍ਰੈਲ, 2025 ਨੂੰ, ਖਹਿਰਾ ਨੂੰ ਗਲੋਬਲ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਤੋਂ ਇੱਕ ਚਿੰਤਾਜਨਕ ਈਮੇਲ ਮਿਲੀ, ਜਿਸ ਵਿੱਚ ਸੂਚਿਤ ਕੀਤਾ ਗਿਆ ਕਿ ਸਟੇਟ ਸਾਈਬਰ ਕ੍ਰਾਈਮ ਸੈੱਲ, ਪੰਜਾਬ ਪੁਲਿਸ ਨੇ ਉਸ ਦੇ 'ਐਕਸ' ਅਕਾਉਂਟ 'ਤੇ ਪੋਸਟ ਕੀਤੇ ਇੱਕ ਟਵੀਟ ਖਿਲਾਫ ਕਾਰਵਾਈ ਦੀ ਮੰਗ ਕੀਤੀ ਹੈ। ਇਹ ਟਵੀਟ, ਜਿਸ ਬਾਰੇ ਸਰਕਾਰ ਦਾ ਦਾਅਵਾ ਹੈ ਕਿ ਇਹ "ਭਾਰਤ ਦੇ ਕਾਨੂੰਨਾਂ ਦੀ ਉਲੰਘਣਾ ਕਰਦਾ ਹੈ," ਮਾਨ ਪ੍ਰਸ਼ਾਸਨ ਦੀ ਆਲੋਚਨਾਤਮਕ ਆਵਾਜ਼ਾਂ ਨੂੰ ਚੁੱਪ ਕਰਨ ਅਤੇ ਪੰਜਾਬ ਨੂੰ ਪੁਲਿਸ ਰਾਜ ਵਿੱਚ ਬਦਲਣ ਦੀ ਨਿਰੰਤਰ ਮੁਹਿੰਮ ਦਾ ਇੱਕ ਹੋਰ ਉਦਾਹਰਣ ਹੈ। ਇਹ ਕਦਮ INC ਲਈ ਕੋਈ ਹੈਰਾਨੀ ਦੀ ਗੱਲ ਨਹੀਂ ਹੈ, ਜਿਸ ਨੇ ਮਾਨ ਦੇ ਸ਼ਾਸਨ ਅਧੀਨ ਲੋਕਤੰਤਰੀ ਮਾਪਦੰਡਾਂ ਦੇ ਖਾਤਮੇ ਬਾਰੇ ਲੰਬੇ ਸਮੇਂ ਤੋਂ ਚੇਤਾਵਨੀ ਦਿੱਤੀ ਸੀ। "ਸਾਡਾ ਇਹ ਦਾਅਵਾ ਕਿ ਪੰਜਾਬ ਨੂੰ ਪੁਲਿਸ ਰਾਜ ਵਿੱਚ ਬਦਲ ਦਿੱਤਾ ਗਿਆ ਹੈ, ਸਹੀ ਸਾਬਤ ਹੋਇਆ ਹੈ," ਖਹਿਰਾ ਨੇ ਹਾਲ ਹੀ ਦੀ ਇੱਕ 'ਐਕਸ' ਪੋਸਟ ਵਿੱਚ ਘੋਸ਼ਣਾ ਕੀਤੀ। ਪੰਜਾਬ ਸਰਕਾਰ ਦਾ ਆਲੋਚਕਾਂ ਨੂੰ ਡਰਾਉਣ ਲਈ ਸਾਈਬਰ ਕ੍ਰਾਈਮ ਯੂਨਿਟਾਂ 'ਤੇ ਨਿਰਭਰਤਾ ਇੱਕ ਅਜਿਹੇ ਸ਼ਾਸਨ ਨੂੰ ਬੇਨਕਾਬ ਕਰਦੀ ਹੈ ਜੋ ਜਨਤਕ ਜਾਂਚ ਦਾ ਸਾਹਮਣਾ ਕਰਨ ਲਈ ਬਹੁਤ ਕਮਜ਼ੋਰ ਹੈ ਅਤੇ ਸੱਤਾ 'ਤੇ ਟਿਕੇ ਰਹਿਣ ਲਈ ਬੇਤਾਬ ਹੈ। ਇੱਕ ਸਿੰਗਲ ਟਵੀਟ ਨੂੰ ਨਿਸ਼ਾਨਾ ਬਣਾ ਕੇ, ਜਿਸ ਦੀ ਸਮੱਗਰੀ ਅਜੇ ਵੀ 'ਐਕਸ' ਦੁਆਰਾ ਸਮੀਖਿਆ ਅਧੀਨ ਹੈ, ਪ੍ਰਸ਼ਾਸਨ ਸੱਚਾਈ ਤੋਂ ਡਰ ਅਤੇ ਆਪਣੇ ਹੀ ਨਾਗਰਿਕਾਂ ਵਿਰੁੱਧ ਰਾਜ ਦੀ ਮਸ਼ੀਨਰੀ ਨੂੰ ਹਥਿਆਰ ਬਣਾਉਣ ਦੀ ਇੱਛਾ ਨੂੰ ਪ੍ਰਗਟ ਕਰਦਾ ਹੈ। 'ਐਕਸ' ਦੀ ਸੂਚਨਾ ਇਸ ਦੀ ਪਾਰਦਰਸ਼ਤਾ ਅਤੇ ਉਪਭੋਗਤਾ ਅਧਿਕਾਰਾਂ ਪ੍ਰਤੀ ਵਚਨਬੱਧਤਾ ਨੂੰ ਰੇਖਾਂਕਿਤ ਕਰਦੀ ਹੈ, ਜਿਸ ਵਿੱਚ ਕਿਹਾ ਗਿਆ ਹੈ, "ਅਸੀਂ ਇਸ ਸਮੇਂ ਰਿਪੋਰਟ ਕੀਤੀ ਸਮੱਗਰੀ 'ਤੇ ਕੋਈ ਕਾਰਵਾਈ ਨਹੀਂ ਕੀਤੀ ਹੈ।" ਫਿਰ ਵੀ, ਪੰਜਾਬ ਪੁਲਿਸ ਤੋਂ ਇਸ ਬੇਨਤੀ ਦੀ ਮੌਜੂਦਗੀ ਦਮਨ ਦੇ ਇੱਕ ਵਿਸ਼ਾਲ ਪੈਟਰਨ ਦਾ ਸੰਕੇਤ ਦਿੰਦੀ ਹੈ। ਵੱਡੇ ਪੱਧਰ 'ਤੇ ਗ੍ਰਿਫਤਾਰੀਆਂ ਅਤੇ ਇੰਟਰਨੈਟ ਬੰਦ ਤੋਂ ਲੈ ਕੇ ਨੈਸ਼ਨਲ ਸਿਕਿਓਰਿਟੀ ਐਕਟ ਦੀ ਦੁਰਵਰਤੋਂ ਤੱਕ, ਮਾਨ ਦੀ ਸਰਕਾਰ ਨੇ ਲਗਾਤਾਰ ਜਵਾਬਦੇਹੀ ਦੀ ਬਜਾਏ ਨਿਯੰਤਰਣ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਨੇ ਕਿਹਾ ਕਿ ਪੁਲਿਸ ਭ੍ਰਿਸ਼ਟਾਚਾਰ, ਨਸ਼ੀਲੇ ਪਦਾਰਥਾਂ ਦੀ ਤਸਕਰੀ, ਅਤੇ ਪ੍ਰਸ਼ਾਸਨਿਕ ਨਾਕਾਮੀਆਂ ਦੀ ਉਨ੍ਹਾਂ ਦੀ ਖੁੱਲ੍ਹੀ ਆਲੋਚਨਾ ਨੇ ਸਪੱਸ਼ਟ ਤੌਰ 'ਤੇ ਸਰਕਾਰ ਦੀ ਨਸ ਨੂੰ ਛੂਹ ਲਿਆ ਹੈ, ਜਿਸ ਨੇ ਇਸ ਸਖ਼ਤ ਜਵਾਬ ਨੂੰ ਪ੍ਰੇਰਿਤ ਕੀਤਾ ਹੈ। "ਇਹ ਸਿਰਫ਼ ਮੇਰੇ 'ਤੇ ਹਮਲਾ ਨਹੀਂ ਹੈ, ਇਹ ਹਰ ਪੰਜਾਬੀ ਦੇ ਬੋਲਣ ਦੇ ਅਧਿਕਾਰ 'ਤੇ ਹਮਲਾ ਹੈ," ਖਹਿਰਾ ਨੇ ਕਿਹਾ। "ਜੇ ਸਰਕਾਰ ਇੱਕ ਸਿੰਗਲ ਟਵੀਟ 'ਤੇ ਇੱਕ ਜਨਤਕ ਨੁਮਾਇੰਦੇ ਨੂੰ ਚੁੱਪ ਕਰ ਸਕਦੀ ਹੈ, ਤਾਂ ਆਮ ਨਾਗਰਿਕ ਲਈ ਕੀ ਉਮੀਦ ਬਚਦੀ ਹੈ? ਭਗਵੰਤ ਮਾਨ ਦਾ ਸ਼ਾਸਨ ਪੰਜਾਬ ਨੂੰ ਸੈਂਸਰਸ਼ਿਪ ਅਤੇ ਡਰ ਦੇ ਹਨੇਰੇ ਦਿਨਾਂ ਵੱਲ ਖਿੱਚ ਰਿਹਾ ਹੈ।" ਆਈ. ਐਨ. ਸੀ. ਇਸ ਬੇਬੁਨਿਆਦ ਬੇਨਤੀ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕਰਦੀ ਹੈ ਅਤੇ ਸਿਵਲ ਸੁਸਾਇਟੀ, ਮੀਡੀਆ, ਅਤੇ ਅੰਤਰਰਾਸ਼ਟਰੀ ਨਿਗਰਾਨ ਸੰਸਥਾਵਾਂ ਨੂੰ ਪੰਜਾਬ ਦੇ ਤਾਨਾਸ਼ਾਹੀ ਵੱਲ ਡਿੱਗਣ ਦੀ ਨਿੰਦਾ ਕਰਨ ਦੀ ਅਪੀਲ ਕਰਦੀ ਹੈ। 'ਐਕਸ' ਦਾ ਜਲਦਬਾਜ਼ੀ ਵਿੱਚ ਕਾਰਵਾਈ ਨਾ ਕਰਨ ਦਾ ਇਨਕਾਰ ਇੱਕ ਰੌਸ਼ਨੀ ਦੀ ਕਿਰਨ ਪੇਸ਼ ਕਰਦਾ ਹੈ, ਪਰ ਪੰਜਾਬ ਵਿੱਚ ਅਜ਼ਾਦ ਬੋਲੀ ਦੀ ਲੜਾਈ ਅਜੇ ਖਤਮ ਨਹੀਂ ਹੋਈ। ਪੰਜਾਬ ਦੇ ਲੋਕ ਇੱਕ ਅਜਿਹੀ ਸਰਕਾਰ ਦੇ ਹੱਕਦਾਰ ਹਨ ਜੋ ਸੁਣੇ, ਨਾ ਕਿ ਚੁੱਪ ਕਰਾਏ।

# ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੱਤਕਾ ਦੇ ਮੁਕਾਬਲਿਆਂ ਵਿਚ ਮੈਡਲ ਜਿੱਤਣ ਵਾਲੇ ਖਿਡਾਰੀਆਂ ਦਾ ਸਨਮਾਨ



ਨਵੀਂ ਦਿੱਲੀ, 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੌਮੀ ਖੇਡਾਂ, ਖੇਲੋ ਇੰਡੀਆ ਤੇ ਦਿੱਲੀ ਖੇਡਾਂ ਦੌਰਾਨ ਗੱਤਕਾ ਦੇ ਮੁਕਾਬਲਿਆਂ ਵਿਚ ਮੈਡਲ ਜਿੱਤਣ ਵਾਲੇ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ। ਇਹਨਾਂ ਖਿਡਾਰੀਆਂ ਦਾ ਸਨਮਾਨ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਇਹ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਗੁਰੂ ਸਾਹਿਬ ਜੀ ਨੇ ਮੱਲ ਅਖਾੜਿਆਂ ਦੀ ਸ਼ੁਰੂਆਤ ਕਰਵਾਈ ਸੀ ਜਿਸ ਮਗਰੋਂ ਗੱਤਕੇ ਦੀ ਖੇਡ ਸ਼ੁਰੂ ਹੋਈ। ਉਹਨਾਂ ਕਿਹਾ ਕਿ ਅੱਜ ਸਾਡੀ ਸਿੱਖ ਕੌਮ ਦੇ ਬੱਚੇ ਇਹਨਾਂ ਗੱਤਕਾ ਮੁਕਾਬਲਿਆਂ ਵਿਚ ਸਿਰਫ ਸੂਬਾਈ ਜਾਂ ਦੇਸ਼ ਪੱਧਰ ਹੀ ਨਹੀਂ ਬਲਕਿ ਕੌਮਾਂਤਰੀ ਪੱਧਰ ਦੇ ਮੁਕਾਬਲਿਆਂ ਵਿਚ ਵੀ ਮੈਡਲ ਜਿੱਤ ਰਹੇ ਹਨ। ਉਹਨਾਂ ਕਿਹਾ ਕਿ ਉਹ ਸਰਦਾਰ ਜ਼ੋਰਾਵਰ ਸਿੰਘ, ਸੁਰਿੰਦਰਪਾਲ ਸਿੰਘ ਹੰਸਪਾਲ ਤੇ ਇਹਨਾਂ ਦੀ ਸਮੁੱਚੀ ਟੀਮ ਨੂੰ ਵਧਾਈ ਦੇਣਾ ਚਾਹੁੰਦੇ ਹਨ ਜੋ ਇਸ ਮਾਮਲੇ ਵਿਚ ਕੰਮ ਕਰ ਰਹੀ ਹੈ। ਉਹਨਾਂ ਕਿਹਾ ਕਿ ਭਾਵੇਂ ਖੇਲੋ ਇੰਡੀਆ ਹੋਵੇ, ਕੌਮੀ ਖੇਡਾਂ ਹੋਣ ਜਾਂ ਦਿੱਲੀ ਦੀਆਂ ਖੇਡਾਂ ਹੋਣ, ਇਹਨਾਂ ਸਭ ਵਿਚ ਇਹਨਾਂ ਖਿਡਾਰੀਆਂ ਨੇ ਨੇ ਮੈਡਲ ਜਿੱਤੇ ਤੇ ਬੁਲੰਦੀਆਂ ਹਾਸਲ ਕੀਤੀਆਂ ਹਨ। ਉਹਨਾਂ ਕਿਹਾ ਕਿ ਅੱਜ ਗੱਤਕੇ ਦਾ ਨਾਮ ਉੱਚਾ ਹੋਣ ਵਿਚ ਇਹਨਾਂ ਦਾ ਬਹੁਤ ਵੱਡਾ ਯੋਗਦਾਨ ਹੈ। ਉਹਨਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਸਿੱਖ ਕੌਮ ਦੀ ਰਵਾਇਤੀ ਖੇਡ ਗੱਤਕਾ ਦੀ ਚਰਚਾ ਅੱਜ ਦੁਨੀਆਂ ਭਰ ਵਿਚ ਹੋ ਰਹੀ ਹੈ। ਉਹਨਾਂ ਕਿਹਾ ਕਿ ਗੱਤਕਾ ਇਕ ਮਾਰਸ਼ਲ ਆਰਟ ਹੈ ਜੋ ਗੁਰੂ ਸਾਹਿਬਾਨ ਨੇ ਸਾਨੂੰ ਬਖਸ਼ਿਸ਼ ਕੀਤੀ ਹੈ ਤੇ ਗੱਤਕਾ ਸਿੱਖਣ ਵਾਲਾ ਵਿਅਕਤੀ ਆਪਣੀ ਸਵੈ ਰੱਖਿਆ ਵਿਚ ਵੀ ਨਿਪੁੰਨ ਹੁੰਦਾ ਹੈ। ਉਹਨਾਂ ਕਿਹਾ ਕਿ ਇਹ ਲੋਕ ਸਾਨੂੰ ਸਾਡੀ ਰਵਾਇਤੀ ਖੇਡ ਨਾਲ ਵੀ ਜੋੜ ਰਹੇ ਹਨ ਜੋ ਗੁਰੂ ਸਾਹਿਬ ਨੇ ਸਵੈ ਰੱਖਿਆ ਵਾਸਤੇ ਸ਼ੁਰੂ ਕੀਤੀ ਸੀ। ਉਹਨਾਂ ਕਿਹਾ ਕਿ ਅੱਜ ਖਾਲਸਾ ਕੌਮ ਦੀ ਇਸ ਮਾਮਲੇ ਵਿਚ ਚੜ੍ਹਦੀਕਲਾ ਦੀ ਇਹ ਖੇਡ ਪ੍ਰਤੀਕ ਹੈ। ਉਹਨਾਂ ਨੇ ਖਾਸ ਤੌਰ 'ਤੇ ਲੜਕੀਆਂ ਨੂੰ ਵੀ ਵਧਾਈ ਦਿੱਤੀ ਜਿਹਨਾਂ ਨੇ ਇਸ ਖੇਡ ਵਿਚ ਮੱਲਾਂ ਮਾਰੀਆਂ ਹਨ।

ਬਲਕਾਰ ਸਿੰਘ ਭੋਖੜਾ ਨੇ ਚੇਅਰਮੈਨ ਮਾਰਕੀਟ ਕਮੇਟੀ ਦਾ ਅਹੁਦਾ ਸੰਭਾਲਣ 'ਤੇ ਲਿਆ ਗੁਰੂ ਦਾ ਆਸਰਾ

# ਬਲਕਾਰ ਸਿੰਘ ਭੋਖੜਾ ਨੇ ਚੇਅਰਮੈਨ ਮਾਰਕੀਟ ਕਮੇਟੀ ਦਾ ਸੰਭਾਲਿਆ ਅਹੁਦਾ





**ਬਠਿੰਡਾ, 8 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਗੋਨਿਆਣਾ ਮੰਡੀ ਦੀ ਮਾਰਕੀਟ ਕਮੇਟੀ ਦੇ ਨਵ ਨਿਯੁਕਤ ਚੇਅਰਮੈਨ ਬਲਕਾਰ ਸਿੰਘ ਭੋਖੜਾ ਦੇ ਆਹੁਦਾ ਸੰਭਾਲ ਸਮਾਰੋਹ ਮੌਕੇ 'ਤੇ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਪ੍ਰੋਫੈਸਰ ਬਲਜਿੰਦਰ ਕੌਰ ਚੀਫ ਵਿਪ ਪੰਜਾਬ ਸਰਕਾਰ, ਹਰਚੰਦ ਸਿੰਘ ਬਰਸਟ ਚੇਅਰਮੈਨ ਮੰਡੀ ਬੋਰਡ ਪੰਜਾਬ ਸਰਕਾਰ, ਮਾਸਟਰ ਜਗਸੀਰ ਸਿੰਘ ਹਲਕਾ ਵਿਧਾਇਕ ਭੁੱਚੋ, ਜਗਰੂਪ ਸਿੰਘ ਗਿੱਲ ਵਿਧਾਇਕ ਬਠਿੰਡਾ ਸ਼ਹਿਰੀ, ਸੁਖਵੀਰ ਸਿੰਘ ਮਾਈਸਰਖਾਨਾ ਵਿਧਾਇਕ ਮੌੜ, ਸ਼ਿਮੰਦਰ ਸਿੰਘ ਖਿੰਦਾ ਚੇਅਰਮੈਨ ਪੰਜਾਬ ਐਗਰੋ ਇੰਡਸਟਰੀਜ਼, ਰਾਕੇਸ਼ ਪੁਰੀ ਚੇਅਰਮੈਨ ਵਣ ਵਿਭਾਗ ਪੰਜਾਬ, ਨਵਦੀਪ ਜੀਦਾ ਚੇਅਰਮੈਨ ਸ਼ੂਗਰਫੈੱਡ ਪੰਜਾਬ, ਗੁਰਜੰਟ ਸਿੰਘ ਸਿਵੀਆਂ ਵਾਈਸ ਚੇਅਰਮੈਨ ਐਸੀ ਕਾਰਪੋਰੇਸ਼ਨ ਪੰਜਾਬ ਸਰਕਾਰ, ਜਤਿੰਦਰ ਭੱਲਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਬਠਿੰਡਾ, ਅੰਮ੍ਰਿਤ ਅਗਰਵਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਅਮਰਦੀਪ ਰਾਜਨ, ਰਜਨੀਸ਼ ਰਾਜੂ ਬਲਾਕ ਪ੍ਰਧਾਨ, ਕਸ਼ਮੀਰੀ ਲਾਲ ਗਰਗ ਪ੍ਰਧਾਨ ਨਗਰ ਕੌਂਸਲ ਗੋਨਿਆਣਾ ਮੰਡੀ, ਹਰਪ੍ਰੀਤ ਸਿੰਘ ਪ੍ਰਧਾਨ ਟਰੱਕ ਯੂਨੀਅਨ ਗੋਨਿਅਣਾ ਮੰਡੀ ਸਮੇਤ ਵੱਡੀ ਗਿਣਤੀ ਵਿੱਚ ਪਿੰਡਾ ਦੇ ਵਲੰਟੀਅਰ ਸਰਪੰਚ, ਪੰਚ ਅਤੇ ਮੈਂਬਰ ਸਹਿਬਾਨ ਹਾਜ਼ਰ ਸਨ। ਅੱਜ ਬਲਕਾਰ ਸਿੰਘ ਭੋਖੜਾ ਨੇ ਗੁਰੂ ਸਾਹਿਬ ਦਾ ਅਸ਼ੀਰਵਾਦ ਲੈਕੇ ਆਪਣਾ ਅਹੁਦਾ ਸੰਭਾਲਿਆ। ਇਸ ਮੌਕੇ ਬਹੁਤ ਵੱਡੀ ਗਿਣਤੀ ਵਿੱਚ ਉਹਨਾ ਦੇ ਚਾਹੁਣ ਵਾਲੇ ਉਹਨਾ ਨੂੰ ਮੁਬਾਰਕਬਾਦ ਦੇਣ ਲਈ ਪਹੁੰਚੇ ਹੋਏ ਸਨ। ਅੱਜ ਦੇ ਇਕੱਠ ਨੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ, ਗੁਰਮੀਤ ਸਿੰਘ ਖੁੱਡੀਆਂ, ਹਰਚੰਦ ਸਿੰਘ ਬਰਸਟ, ਸ਼ਿਮੰਦਰ ਸਿੰਘ ਖਿੰਦਾ ਅਤੇ ਹਲਕਾ ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਬਲਕਾਰ ਸਿੰਘ ਭੋਖੜਾ ਦੇ ਆਹੁਦਾ ਸੰਭਾਲ ਸਮਾਰੋਹ ਮੌਕੇ ਬੋਲਦਿਆਂ ਕਿਹਾ ਕਿ ਬਲਕਾਰ ਸਿੰਘ ਭੋਖੜਾ ਬਹੁਤ ਹੀ ਮਿਹਨਤੀ ਅਤੇ ਆਮ ਲੋਕਾਂ ਦੇ ਹਰ ਦੁੱਖ ਸੁੱਖ ਵਿਚ ਸ਼ਾਮਿਲ ਹੋਣ ਵਾਲੇ ਇਨਸਾਨ ਹਨ।ਉਹਨਾ ਦੇ ਚੇਅਰਮੈਨ ਬਣਨ ਨਾਲ ਮਾਰਕੀਟ ਕਮੇਟੀ ਦੇ ਕੰਮਕਾਜ਼ ਵਿੱਚ ਬਹੁਤ ਸੁਧਾਰ ਵੇਖਣ ਨੂੰ ਮਿਲੇਗਾ, ਕਿਸਾਨਾਂ, ਆੜ੍ਹਤੀਆਂ ਅਤੇ ਮਜਦੂਰਾਂ ਦੀਆਂ ਹਰ ਪ੍ਰਕਾਰ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਬਲਕਾਰ ਸਿੰਘ ਭੋਖੜਾ ਨੇ ਉਹਨਾ ਦੇ ਅਹੁਦਾ ਸੰਭਾਲ ਸਮਾਰੋਹ ਮੌਕੇ ਪਹੁੰਚੇ ਸਾਰੇ ਹੀ ਸੱਜਣ ਮਿੱਤਰਾਂ ਸਮੇਤ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਪ੍ਰੋਫੈਸਰ ਬਲਜਿੰਦਰ ਕੌਰ ਅਤੇ ਸਾਰੇ ਹੀ ਚੇਅਰਮੈਨ ਸਾਹਿਬਾਨ ਦਾ ਬਹੁਤ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਕੈਨੇਡਾ ਦੇ ਗੁਰੂ ਨਾਨਕ ਸਿੱਖ ਗੁਰਦਵਾਰਾ ਸਰੀ/ਡੇਲਟਾ ਵਿਖੇ

# ਜਲਾਵਤਨੀ ਕੌਮੀ ਯੋਧੇ ਭਾਈ ਮਹਿਲ ਸਿੰਘ ਜੀ ਬੱਬਰ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ




**ਨਵੀਂ ਦਿੱਲੀ 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਕੌਮ ਦੇ ਮਹਾਨ ਯੋਧੇ-ਜਰਨੈਲ ਅਤੇ ਭਾਈ ਸੁਖਦੇਵ ਸਿੰਘ ਜੀ ਬੱਬਰ ਦੇ ਵੱਡੇ ਭਰਾਤਾ ਭਾਈ ਮਹਿਲ ਸਿੰਘ ਜੀ ਬੱਬਰ ਜੋ ਕਿ ਤਕਰੀਬਨ 50 ਸਾਲਾਂ ਤੋਂ ਪਾਕਿਸਤਾਨ ਦੀ ਧਰਤੀ ਤੇ ਜਲਾਵਤਨੀ ਕੱਟ ਰਹੇ ਸਨ, ਪਿਛਲੇ ਕੁਝ ਦਿਨ ਪਹਿਲਾਂ ਆਪਣੀ ਖ਼ਰਾਬ ਸਿਹਤ ਦੇ ਚਲਦਿਆਂ ਅਕਾਲ ਚਲਾਣਾ ਕਰ ਗਏ ਸਨ ।ਉਹਨਾਂ ਦੇ ਸੰਬੰਧ ਵਿੱਚ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ ਵਿਖੇ ਪਾਏ ਗਏ ਉਪਰੰਤ ਵੱਖ-ਵੱਖ ਪੰਥਕ ਬੁਲਾਰਿਆਂ ਨੇ ਭਾਈ ਮਹਿਲ ਸਿੰਘ ਜੀ ਦੇ ਜੀਵਨ ਅਤੇ ਉਹਨਾਂ ਦੀ ਕੁਰਬਾਨੀ ਦਾ ਵਰਣਨ ਸੰਗਤ ਦੇ ਸਨਮੁੱਖ ਕੀਤਾ ।ਪੰਥਕ ਬੁਲਾਰਿਆਂ ਨੇ ਚੱਲ ਰਹੇ ਕੌਮੀ ਸੰਘਰਸ਼ ਵਿਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਬਾਰੇ ਵੀ ਸੰਗਤਾਂ ਨੂੰ ਬੇਨਤੀ ਕੀਤੀ ਅਤੇ ਕੌਮੀ ਘਰ ਖਾਲਿਸਤਾਨ ਦੀ ਪ੍ਰਾਪਤੀ ਲਈ ਤਤਪਰ ਹੋਣ ਲਈ ਵੀ ਕਿਹਾ । ਇਸ ਦੌਰਾਨ ਪੰਥਕ ਬੁਲਾਰੇ ਜਿੰਨਾ ਦੇ ਵਿਚ ਜਥੇਦਾਰ ਅਜਾਇਬ ਸਿੰਘ ਬਾਗੜੀ, ਭਾਈ ਮੋਨਿੰਦਰ ਸਿੰਘ ਬੀ.ਸੀ. ਗੁਰਦੁਆਰਾ ਕੌਂਸਲ ਅਤੇ ਗੁਰੂ ਘਰ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਨੇ ਭਾਈ ਸਾਹਿਬ ਦੇ ਜੀਵਨ ਅਤੇ ਪੰਥ ਅੰਦਰ ਚਲ ਰਹੇ ਮਸਲਿਆਂ ਬਾਰੇ ਆਪਣੇ ਵਿਚਾਰ ਸੰਗਤਾਂ ਨਾਲ ਸਾਂਝੇ ਕੀਤੇ। ਭਾਈ ਗੁਰਮੀਤ ਸਿੰਘ ਤੂਰ ਨੇ ਆਉਣ ਵਾਲੇ ਰੈਫਰੈਂਡਮ ਵਿਚ ਜੋ ਕੇ 18 ਅਗਸਤ 2025 ਨੂੰ ਅਮਰੀਕਾ ਦੇ ਵਾਸ਼ਿੰਗਟਨ ਡੀ.ਸੀ. ਦੀ ਧਰਤੀ ਤੇ ਹੋਣਾ ਹੈ ਉਸ ਵਿਚ ਵੀ ਵੱਧ-ਚੜ ਕੇ ਹਿੱਸਾ ਪਾਉਣ ਦੀ ਅਤੇ ਸਾਥ ਦੇਣ ਦੀ ਬੇਨਤੀ ਕੀਤੀ ਅਤੇ ਸੰਗਤਾਂ ਨੂੰ ਓਥੇ ਵਡੀ ਗਿਣਤੀ ਅੰਦਰ ਪਹੁੰਚਣ ਦੀ ਬੇਨਤੀ ਕੀਤੀ ਤਾ ਜੋ ਚੱਲ ਰਹੇ ਕੌਮੀ ਸੰਘਰਸ਼ਾਂ ਨੂੰ ਹੋਰ ਮਜ਼ਬੂਤ ਅਤੇ ਕਾਮਯਾਬ ਬਣਾਇਆ ਜਾ ਸਕੇ ।ਸਮਾਗਮ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮੋਨਿੰਦਰ ਸਿੰਘ, ਜਥੇਦਾਰ ਅਜਾਇਬ ਸਿੰਘ ਬਾਗੜੀ ਸਮੇਤ ਵਡੀ ਗਿਣਤੀ ਅੰਦਰ ਸੰਗਤਾਂ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਘੱਟ ਗਿਣਤੀ ਵਿਦਿਆਰਥੀਆਂ ਲਈ ਫੀਸ ਵਾਪਸੀ ਸਕੀਮ ਲਈ ਆਮਦਨ ਹੱਦ 3 ਤੋਂ ਵਧਾ ਕੇ 5 ਲੱਖ ਰੁਪਏ ਕਰਨ ਦੀ ਅਪੀਲ

# ਗਰੀਬ ਤੇ ਲੋੜਵੰਦ ਵਿਦਿਆਰਥੀ ਸਕੀਮ ਦਾ ਲਾਭ ਤਾਂ ਹੀ ਲੈ ਸਕਣਗੇ ਜੇਕਰ ਆਮਦਨ ਹੱਦ ਵਧੇ: ਜਸਵਿੰਦਰ ਸਿੰਘ ਜੌਲੀ




**ਨਵੀਂ ਦਿੱਲੀ, 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਘੱਟ ਗਿਣਤੀ ਸੈਲ ਦੇ ਚੇਅਰਮੈਨ ਜਸਵਿੰਦਰ ਸਿੰਘ ਜੌਲੀ ਨੇ ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਤੇ ਉਦਯੋਗ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਕੌਮੀ ਰਾਜਧਾਨੀ ਵਿਚ ਪੜ੍ਹਦੇ ਘੱਟ ਗਿਣਤੀ ਵਰਗ ਦੇ ਵਿਦਿਆਰਥੀਆਂ ਲਈ ਫੀਸ ਵਾਪਸੀ ਦੀ ਸਕੀਮ ਦੇ ਮਾਮਲੇ ਵਿਚ ਆਮਦਨ ਦੀ ਹੱਦ 3 ਲੱਖ ਰੁਪਏ ਤੋਂ ਵਧਾ ਕੇ 5 ਲੱਖ ਰੁਪਏ ਕੀਤੀ ਜਾਵੇ ਤਾਂ ਜੋ ਢੁਕਵੀਂ ਗਿਣਤੀ ਵਿਚ ਵਿਦਿਆਰਥੀ ਸਕੀਮ ਦਾ ਲਾਭ ਲੈ ਸਕਣ। ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਅਜੋਕੇ ਮਹਿੰਗਾਈ ਵਾਲੇ ਯੁੱਗ ਵਿਚ 3 ਲੱਖ ਰੁਪਏ ਦੀ ਆਮਦਨ ਹੱਦ ਬਹੁਤ ਜ਼ਿਆਦਾ ਘੱਟ ਹੈ। ਉਹਨਾਂ ਕਿਹਾ ਕਿ ਜਿਹੜੇ ਪਰਿਵਾਰਾਂ ਦੀ ਆਮਦਨ 3 ਲੱਖ ਰੁਪਏ ਤੋ ਸਿਰਫ 500 ਰੁਪਏ ਜਾਂ ਹੋਰ ਥੋੜ੍ਹੀ ਜ਼ਿਆਦਾ ਹੈ, ਉਹ ਇਸ ਸਕੀਮ ਦਾ ਲਾਭ ਲੈਣ ਤੋਂ ਵਾਂਝੇ ਰਹਿ ਜਾਂਦੇ ਹਨ। ਉਹਨਾਂਕਿਹਾ ਕਿ ਮਹਿੰਗਾਈ ਦੇ ਇਸ ਯੁੱਗ ਵਿਚ ਸਭ ਤੋਂ ਵੱਡੀ ਮਾਰ ਘੱਟ ਗਿਣਤੀ ਵਰਗ ਦੇ ਵਿਦਿਆਰਥੀਆਂ ਨੂੰ ਪੈ ਰਹੀ ਹੈ ਜਿਹਨਾਂ ਦੇ ਪਰਿਵਾਰ ਫੀਸਾਂ ਭਰਨ ਤੋਂ ਅਸਮਰਥ ਹਨ ਤੇ ਉਪਰੋਂ ਆਮਦਨ ਦੀ ਹੱਦ ਸੀਮਤ ਹੋਣ ਕਾਰਣ ਉਹ ਕੇਂਦਰ ਸਰਕਾਰ ਤੇ ਦਿੱਲੀ ਸਰਕਾਰ ਦੀਆਂ ਅਜਿਹੀਆਂ ਸਕੀਮਾਂ ਦਾ ਲਾਭ ਨਹੀਂ ਉਠਾ ਸਕਦੇ। ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਇਸ ਸਕੀਮ ਦਾ ਲਾਭ ਸਹੀ ਲਾਭ ਪਾਤਰਾਂ ਤੱਕ ਪਹੁੰਚਾਉਣ ਲਈ ਜ਼ਰੂਰੀ ਹੈ ਕਿ ਇਸ ਸਕੀਮ ਤਹਿਤ ਆਮਦਨ ਹੱਦ 3 ਲੱਖ ਰੁਪਏ ਤੋਂ ਵਧਾ ਕੇ 5 ਲੱਖ ਰੁਪਏ ਕੀਤੀ ਜਾਵੇ ਤਾਂ ਜੋ ਗਰੀਬ, ਮੱਧ ਵਰਗੀ ਤੇ ਲੋੜਵੰਦ ਵਿਦਿਆਰਥੀ ਸਕੀਮ ਦਾ ਲਾਭ ਲੈ ਸਕਣ। ਉਹਨਾਂ ਕਿਹਾ ਕਿ ਗਰੀਬ ਤੇ ਮੱਧਵਰਗੀ ਤੇ ਲੋੜਵੰਦ ਵਿਦਿਆਰਥੀਆਂ ਲਈ ਇਹ ਸਕੀਮ ਬਹੁਤ ਲਾਹੇਵੰਦ ਹੈ ਪਰ ਇਸਨੂੰ ਪ੍ਰਭਾਵਸ਼ਾਲੀ ਰੂਪ ਵਿਚ ਲਾਗੂ ਕਰਨਾ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਕੌਮ ਦੀ ਨੁਮਾਇੰਦਾ ਜਥੇਬੰਦੀ ਹੈ ਜੋ ਇਸ ਸਕੀਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਵਾਉਣ ਵਾਸਤੇ ਵਚਨਬੱਧ ਹੈ। ਉਹਨਾਂ ਆਸ ਪ੍ਰਗਟ ਕੀਤੀ ਕਿ ਮੁੱਖ ਮੰਤਰੀ ਤੇ ਮੰਤਰੀ ਸਰਦਾਰ ਸਿਰਸਾ ਇਸ ਮਾਮਲੇ ਵਿਚ ਤੁਰੰਤ ਕਾਰਵਾਈ ਕਰਦਿਆਂ ਆਮਦਨ ਹੱਦ ਵਧਾਉਣ ਦੇ ਮਾਮਲੇ ਵਿਚ ਸਹਿਯੋਗ ਕਰਨਗੇ ਤਾਂ ਜੋ ਵੱਧ ਤੋਂ ਵੱਧ ਘੱਟ ਗਿਣਤੀ ਵਿਦਿਆਰਥੀ ਸਕੀਮ ਦਾ ਲਾਭ ਲੈ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਨ ਸ਼ਹੀਦ ਜਰਨਲ ਸੁਬੇਗ ਸਿੰਘ ਦਾ ਸੰਸਕਾਰ ਅਤੇ ਹੋਰ ਰਸਮਾਂ ਕਿਥੇ ਅਤੇ ਕਦੋਂ ਕੀਤੀਆਂ ਗਈਆਂ ਹਨ, ਸਰਕਾਰ ਵੇਰਵਾ ਜਾਰੀ ਕਰੇ: ਮਾਨ

## ਕੌਮਾਂਤਰੀ ਪੱਧਰ ਦੇ ਬਣਾਏ ਗਏ ਫ਼ੌਜੀ ਨਿਯਮ ਅਨੁਸਾਰ ਜਰਨਲ ਦੇ ਅਹੁਦੇ ਵਰਗੇ ਕਿਸੇ ਇਨਸਾਨ ਦਾ ਸੰਸਕਾਰ ਪੂਰੇ ਮਾਣ-ਸਨਮਾਨ ਨਾਲ ਹੁੰਦਾ ਹੈ




**ਨਵੀਂ ਦਿੱਲੀ 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਇਹ ਸਮੁੱਚੇ ਸੰਸਾਰ ਦੇ ਮੁਲਕਾਂ ਦੀ ਇਕ ਨਿਯਮ ਰਵਾਇਤ ਹੈ ਕਿ ਜਦੋ ਵੀ ਕਿਸੇ ਦੁਸਮਣ ਮੁਲਕ ਦਾ ਜਰਨੈਲ ਜੰਗ ਵਿਚ ਸ਼ਹੀਦ ਹੋ ਜਾਵੇ ਤਾਂ ਦੁਸਮਣ ਮੁਲਕ ਦੀਆਂ ਫ਼ੌਜਾਂ ਉਸ ਸ਼ਹੀਦ ਹੋਏ ਜਰਨੈਲ ਦਾ ਸੰਸਕਾਰ ਪੂਰੇ ਸਤਿਕਾਰ ਮਾਣ ਅਤੇ ਉਸਦੀਆਂ ਧਰਮੀ ਰਵਾਇਤਾ ਅਨੁਸਾਰ ਕਰਦੀਆ ਹਨ ।ਪਰ ਦੁੱਖ ਅਤੇ ਅਫਸੋਸ ਹੈ ਕਿ ਜਦੋ 1971 ਦੀ ਪਾਕਿਸਤਾਨ-ਇੰਡੀਆ ਜੰਗ ਸਮੇ ਜਰਨਲ ਸੁਬੇਗ ਸਿੰਘ ਨੇ ਮੁਕਤੀ ਬਹਿਣੀ ਫੌ.ਜ ਤਿਆਰ ਕੀਤੀ ਸੀ ਜਿਸ ਨੇ ਜਰਨਲ ਨਿਆਜੀ ਤੋ 90 ਹਜਾਰ ਫ਼ੌਜਾਂ ਦਾ ਆਤਮ ਸਮਰਪਣ ਕਰਵਾਕੇ ਨਵੇ ਮੁਲਕ ਬੰਗਲਾਦੇਸ ਨੂੰ ਹੋਂਦ ਵਿਚ ਲਿਆਉਣ ਲਈ ਵੱਡੀ ਜਿੰਮੇਵਾਰੀ ਨਿਭਾਈ ਸੀ ।ਬਲਿਊ ਸਟਾਰ ਦੇ ਫ਼ੌਜੀ ਹਮਲੇ ਸਮੇ ਜਰਨਲ ਸੁਬੇਗ ਸਿੰਘ ਜੋ ਸ੍ਰੀ ਦਰਬਾਰ ਸਾਹਿਬ ਵਿਚ ਹਿੰਦ ਫੌ.ਜ ਦਾ ਮੁਕਾਬਲਾ ਕਰਦੇ ਹੋਏ ਸਹੀਦ ਹੋਏ ਸਨ ਤਾਂ ਇੰਡੀਅਨ ਹੁਕਮਰਾਨਾਂ ਤੇ ਫ਼ੌਜ ਨੇ ਅੱਜ ਤੱਕ ਸਿੱਖ ਕੌਮ ਨੂੰ ਇਹ ਜਾਣਕਾਰੀ ਹੀ ਨਹੀ ਦਿੱਤੀ ਕਿ ਜਰਨਲ ਸੁਬੇਗ ਸਿੰਘ ਦਾ ਸੰਸਕਾਰ ਕਿਥੇ ਕੀਤਾ ਹੈ, ਸਿੱਖ ਰਵਾਇਤਾ ਅਨੁਸਾਰ ਉਨ੍ਹਾਂ ਦਾ ਸੰਸਕਾਰ ਹੋਇਆ ਹੈ ਜਾਂ ਨਹੀ ।ਉਨ੍ਹਾਂ ਦੇ ਫੁੱਲ ਕਿਥੇ ਪਾਏ ਗਏ ਹਨ ਅਤੇ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਭੋਗ ਸਮਾਗਮ ਕਿਥੇ ਹੋਏ ਹਨ ? ਜਦੋਕਿ ਫ਼ੌਜ ਦੁਸਮਣ ਫ਼ੌਜਾਂ ਵੀ ਉਪਰੋਕਤ ਕੌਮਾਂਤਰੀ ਪੱਧਰ ਦੇ ਬਣਾਏ ਗਏ ਫ਼ੌਜੀ ਨਿਯਮ ਅਨੁਸਾਰ ਜਰਨਲ ਦੇ ਅਹੁਦੇ ਵਰਗੇ ਕਿਸੇ ਇਨਸਾਨ ਦਾ ਸੰਸਕਾਰ ਪੂਰੇ ਮਾਣ-ਸਨਮਾਨ ਨਾਲ ਕਰਦੀਆ ਹਨ ।ਸਾਨੂੰ ਇਹ ਦੱਸਿਆ ਜਾਵੇ ਕਿ ਸਾਡੇ ਮਹਾਨ ਸ਼ਹੀਦ ਜਰਨਲ ਸੁਬੇਗ ਸਿੰਘ ਦਾ ਸੰਸਕਾਰ ਅਤੇ ਹੋਰ ਰਸਮਾਂ ਕਿਥੇ ਅਤੇ ਕਦੋ ਕੀਤੀਆ ਗਈਆ ਹਨ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੌਜੂਦਾ ਸੈਂਟਰ ਦੀ ਬੀਜੇਪੀ-ਆਰ.ਐਸ.ਐਸ ਹਕੂਮਤ ਅਤੇ ਫੌ.ਜ ਦੇ ਜਰਨੈਲਾਂ ਨੂੰ ਉਨ੍ਹਾਂ ਦੀ ਫ਼ੌਜੀ ਇਨਸਾਨੀਅਤ ਪੱਖੀ ਜਿੰਮੇਵਾਰੀ ਨੂੰ ਯਾਦ ਕਰਵਾਉਦੇ ਹੋਏ ਅਤੇ ਸਿੱਖ ਕੌਮ ਨੂੰ ਇਹ ਜਾਣਕਾਰੀ ਦੇਣ ਦੀ ਮੰਗ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਜਦੋ ਫ਼ੌਜ ਦੇ ਜਰਨੈਲਾਂ ਦੀ ਸ਼ਹਾਦਤ ਉਪਰੰਤ ਸਤਿਕਾਰ ਨਾਲ ਸਭ ਰਸਮਾਂ ਪੂਰੀਆ ਕੀਤੀਆ ਜਾਂਦੀਆ ਹਨ ਤਾਂ 1984 ਵਿਚ ਬਲਿਊ ਸਟਾਰ ਦੇ ਫ਼ੌਜੀ ਹਮਲੇ ਸਮੇ ਉਸ ਮਹਾਨ ਜਰਨੈਲ ਜਿਸ ਨੇ ਆਪਣੀ ਸੂਰਬੀਰਤਾਂ ਤੇ ਤੀਖਣ ਬੁੱਧੀ ਨਾਲ ਬੰਗਲਾਦੇਸ ਨੂੰ ਆਜਾਦ ਕਰਵਾਉਣ ਦੇ ਅਮਲ ਵਿਚ ਵੱਡੀ ਭੂਮਿਕਾ ਨਿਭਾਈ ਹੋਵੇ ਅਤੇ ਫ਼ੌਜ ਵਿਚ ਉੱਚ ਅਹੁਦੇ ਤੇ ਰਹੇ ਹੋਣ ਅਤੇ ਜੋ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਵੀ ਬਹਾਦਰੀ ਨਾਲ ਦੁਸਮਣ ਤਾਕਤਾਂ ਦਾ ਮੁਕਾਬਲਾ ਕਰਦੇ ਹੋਏ ਸਹੀਦ ਹੋਵੇ ਹਨ ਉਸਦੀ ਦੇਹ ਨਾਲ ਇਹੋ ਜਿਹਾ ਅਣਮਨੁੱਖੀ ਗੈਰ ਸਤਿਕਾਰਿਤ ਵਿਵਹਾਰ ਕਰਨ ਦੇ ਹਕੂਮਤੀ ਅਮਲ ਪ੍ਰਤੱਖ ਕਰਦੇ ਹਨ ਕਿ ਹੁਕਮਰਾਨ ਅਤੇ ਮੁਤੱਸਵੀ ਫ਼ੌਜੀ ਅਫਸਰ, ਕੁਰਬਾਨੀ ਦੀ ਪੁੰਜ ਅਤੇ ਸਮੁੱਚੀ ਮਨੁੱਖਤਾ ਦੀ ਭਲਾਈ ਲੋੜਨ ਵਾਲੀ ਸਿੱਖ ਕੌਮ ਦੇ ਬਹਾਦਰ ਜਰਨੈਲ ਨਾਲ ਕੀਤੇ ਗਏ ਵਿਵਹਾਰ ਮੰਦਭਾਵਨਾ ਅਤੇ ਨਫਰਤ ਨੂੰ ਹੀ ਜਾਹਰ ਕਰਦੇ ਹਨ । ਜੋ ਕਿ ਇਕ ਜਮਹੂਰੀਅਤ ਮੁਲਕ ਵਿਚ ਵੱਸਣ ਵਾਲੀਆ ਵੱਖ-ਵੱਖ ਕੌਮਾਂ ਅਤੇ ਘੱਟ ਗਿਣਤੀ ਕੌਮਾਂ ਨਾਲ ਬੇਇਨਸਾਫ਼ੀ ਵਾਲੇ ਨਿੰਦਣਯੋਗ ਅਮਲ ਹਨ ।ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਸਿੱਖ ਕੌਮ ਦੇ ਬਹਾਦਰ ਸ਼ਹੀਦ ਜਰਨੈਲ ਦੇ ਸੰਬੰਧ ਵਿਚ ਬੀਤੇ ਸਮੇ ਦੀ ਗੁਪਤ ਰੱਖੀ ਗਈ ਜਾਣਕਾਰੀ ਤੋ ਮੌਜੂਦਾ ਹੁਕਮਰਾਨ ਸਿੱਖ ਕੌਮ ਨੂੰ ਜਾਣੂ ਵੀ ਕਰਵਾਉਣਗੇ ਅਤੇ ਜੇ ਕਿਤੇ ਉਨ੍ਹਾਂ ਦੇ ਸੰਸਕਾਰ ਤੇ ਹੋਰ ਰਸਮਾਂ ਸਮੇ ਅਵੱਗਿਆ ਹੋਈ ਹੈ ਤਾਂ ਸੰਬੰਧਤ ਦੋਸ਼ੀ ਅਫਸਰਾਨ ਨੂੰ ਕਾਨੂੰਨ ਅਤੇ ਇਨਸਾਨੀਅਤ ਦੇ ਨਾਤੇ ਬਣਦੀਆ ਸਜਾਵਾਂ ਦੇਣ ਦਾ ਵੀ ਪ੍ਰਬੰਧ ਕਰਨਗੀਆ ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਕਾਰੀ ਹਾਈ ਸਮਾਰਟ ਸਕੂਲ ਪਲਾਸੌਰ ਵੱਲੋਂ

# ਸਮਾਗਮ ਕਰਵਾਇਆ ਗਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਸਿੱਖਿਆ ਕਰਾਂਤੀ ਨਾਲ ਬਦਲਦਾ ਪੰਜਾਬ ਪ੍ਰੋਗਰਾਮ ਦੇ ਤਹਿਤ ਸਰਕਾਰੀ ਹਾਈ ਸਮਾਰਟ ਸਕੂਲ ਪਲਾਸੌਰ ਵਿਖੇ ਇਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਚੇਅਰਮੈਨ ਦਲਵੀਰ ਸਿੰਘ ਢਿੱਲੋਂ,ਚੇਅਰਮੈਨ,ਆਪ ਆਗੂ ਸਤਿੰਦਰ ਸਿੰਘ ਚੱਠਾ, ਦਰਸਨ ਸਿੰਘ ਸਕੂਲ ਕੋਆਰਡੀਨੇਟਰ, ਐਡਵੋਕੇਟ ਹੈਪੀ ਗੋਇਲ, ,ਬਲਾਕ ਪ੍ਰਧਾਨ ਮਿਲਖ ਰਾਜ, ਗੁਰਪ੍ਰੀਤ ਸਿੰਘ ਰਣੀਕੇ,ਬਲਾਕ ਪ੍ਰਧਾਨ ਸੁਖਪਾਲ ਪਾਲਾ,ਬਲਾਕ ਸੰਮਤੀ ਮੈਂਬਰ ਰਛਪਾਲ ਸਿੰਘ ਭੁੱਲਰਹੇੜੀ, ਸੰਦੀਪ ਰਣੀਕੇ, ਬਲਾਕ ਪ੍ਰਧਾਨ ਗੁਰਚਰਨ ਸਿੰਘ ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਸਕੂਲ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਨੇ ਸੰਬੋਧਨ ਕਰਦਿਆਂ ਕਿਹਾ ਕਿਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਪ੍ਰਾਈਵੇਟ ਸਕੂਲਾਂ ਦੇ ਨਾਲੋਂ ਕਿਤੇ ਵਧੇਰੇ ਚੰਗੀ ਪੜ੍ਹਾਈ ਹੈ ਸਰਕਾਰੀ ਸਕੂਲਾਂ ਵਿੱਚ ਟੀਚਰ ਜਿਆਦਾ ਪੜੇ ਲਿਖੇ ਹਨ ਅੱਜ ਜੇਕਰ ਸਰਕਾਰੀ ਸਕੂਲਾਂ ਦੇ ਚੰਗੇ ਨਤੀਜੇ ਆ ਰਹੇ ਹਨ ਤਾਂ ਉਹ ਉਹਨਾ ਸਕੂਲਾਂ ਦੇ ਅਧਿਆਪਕਾਂ ਦੀ ਮਿਹਨਤ ਦੇ ਸਦਕਾ ਆ ਰਹੇ ਹਨ। ਇਸ ਮੌਕੇ ਸਰਪੰਚ ਗੁਰਚਰਨ ਸਿੰਘ ਪਲਾਸੌਰ,ਹਰਪਾਲ ਸਿੰਘ ਸਕੂਲ ਚੇਅਰਮੈਨ, ਬਖਸੀਸ ਸਿੰਘ ਅਲਾਲ, ਹੈਡ ਟੀਚਰ ਨਵ ਕਿਰਨ ਸ਼ਰਮਾ,ਅਰਸ ਧੂਰੀ, ਸਤਿਨਾਮ ਸਿੰਘ, ਗੁਰਮੇਲ ਸਿੰਘ ਮੇਲਾ ਹਾਜ਼ਰ ਸਨ।

**ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੇ ਚੰਗੇ ਨੰਬਰ ਆਉਣਾ ਚੰਗੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹੈ ਚੇਅਰਮੈਨ ਘੁੱਲੀ, ਚੇਅਰਮੈਨ ਢਿੱਲੋਂ**

AWAZE QAUM International Newspaper & WEB TV

### ਬੀਜੇਪੀ ਆਗੂ ਕਾਲੀਆ ਦੇ ਘਰ ਤੇ ਹੋਏ ਬਲਾਸਟ ਦੇ ਵਿਰੋਧ ਵਿੱਚ ਹਲਕਾ ਇੰਚਾਰਜ ਰਣਦੀਪ ਸਿੰਘ ਦਿਓਲ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕਰਕੇ

# ਮੁੱਖ ਮੰਤਰੀ ਅਤੇ ਕੇਜਰੀਵਾਲ ਦਾ ਪੁਤਲਾ ਫੂਕਿਆ ਗਿਆ




**ਧੂਰੀ,( ਰਣਜੀਤ ਸਿੰਘ ਪੇਧਨੀ )**-ਜਲੰਧਰ 'ਚ ਭਾਜਪਾ ਦੇ ਸੀਨੀਅਰ ਆਗੂ ਮਨੋਰੰਜਨ ਕਾਲੀਆ ਦੇ ਘਰ ਹੋਏ ਬਲਾਸਟ ਨੂੰ ਲੈ ਕੇਮੁੱਖ ਮੰਤਰੀ ਦੇ ਹਲਕਾ ਧੂਰੀ ਵਿਖੇ ਭਾਰਤੀ ਜਨਤਾ ਪਾਰਟੀ ਦੇ ਹਲਕਾ ਇੰਚਾਰਜ ਰਣਦੀਪ ਸਿੰਘ ਦਿਓਲ ਦੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਹਾਜ਼ਰ ਆਗੂਆਂ ਨੇ ਕਿਹਾ ਕਿ ਹੁਣ ਤੱਕ ਪੰਜਾਬ 'ਚ 14 ਬੰਬ ਬਲਾਸਟ ਹੋਏ ਹਨ। ਕੱਲ੍ਹ ਵੀ ਬਟਾਲਾ 'ਚ ਹੋਇਆ ਅਤੇ ਉਸ ਤੋਂ ਪਹਿਲਾਂ ਕਈ ਪੰਜਾਬ 'ਚ ਹੋ ਚੁੱਕੇ ਹਨ। ਇੱਥੋਂ ਤੱਕ ਕੇ ਅੰਮ੍ਰਿਤਸਰ ਦੇ ਮੰਦਰ 'ਚ ਵੀ ਬਲਾਸਟ ਹੋ ਚੁੱਕਿਆ ਹੈ ਉਨ੍ਹਾਂ ਕਿਹਾ ਪਰਮਾਤਮਾ ਦਾ ਸ਼ੁਕਰ ਕਰਦੇ ਹਾਂ ਕਿ ਮਨੋਰੰਜਨ ਕਾਲੀਆ ਦੇ ਘਰ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਆਗੂਆਂ ਨੇ ਕਿਹਾ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸ ਦਿਨ ਤੋਂ ਲੈ ਕੇ ਅੱਜ ਤੱਕ ਪੰਜਾਬ ਦੇ ਹਾਲਾਤ ਬਹੁਤ ਗੰਭੀਰ ਬਣੇ ਹੋਏ ਹਨ ਕੋਈ ਵੀ ਵਿਅਕਤੀ ਆਪਣੇ ਘਰ ਅੰਦਰ ਸੇਫ ਨਹੀਂ। ਉਹਨਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਜੇਕਰ ਪੰਜਾਬ ਦੇ ਹਾਲਾਤ ਉਹਨਾਂ ਤੋਂ ਨਹੀਂ ਸੰਭਾਲੇ ਜਾਂਦੇ ਤਾਂ ਉਹ ਆਪਣਾ ਅਸਤੀਫਾ ਦੇ ਕੇ ਘਰ ਬੈਠ ਜਾਣ । ਇਸ ਮੌਕੇ ਬੀਜੇਪੀ ਦੇ ਧਰਮਿੰਦਰਜੀਤ ਸਿੰਘ ਦੁੱਲਟ, ਬੀਜੇਪੀ ਦੇ ਸੀਨੀਅਰ ਆਗੂ ਭੁਪੇਸ਼ ਜਿੰਦਲ, ਜਗਦੇਵ ਜਿੰਦਲ ਜੱਗਾ, ਕ੍ਰਿਸਨ ਗੋਪਾਲ ਨੀਲੂ ਮਿੱਤਲ, ਅਸੀਸ ਗਰਗ, ਪ੍ਰਦੀਪ ਗਰਗ, ਰਮਨ ਬਾਂਸਲ, ਅਰੁਣ ਆਰੀਆ, ਗੁਰਪ੍ਰੀਤ ਸਿੰਘ ਅਤੇ ਜੋਗਿੰਦਰ ਸਿੰਘ ਖਾਲਸਾ ਹਾਜ਼ਰ ਸਨ।

AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਮਲਕੀਤ ਸਿੰਘ ਏ ਆਰ ਦੇ ਬੇਟੇ ਗਗਨਦੀਪ ਸਿੰਘ ਦਾ ਛੋਟੀ ਉਮਰ ਚ ਪ੍ਰੀਵਾਰ ਨੂੰ ਵਿਛੋੜਾ ਦੇ ਜਾਣਾ ਪ੍ਰੀਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਟੱਕਰ

#### ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ 14 ਅਪ੍ਰੈਲ ਨੂੰ



**ਜੰਡਿਆਲਾ ਗੁਰੂ, 8 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਵਿਧਾਨ ਸਭਾ ਹਲਕਾ ਜੰਡਿਆਲਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਐਮ ਐਲ ਏ ਸੂਰ: ਸਰਦਾਰ ਮਲਕੀਤ ਸਿੰਘ ਏ ਆਰ ਦਾ ਬੇਟਾ ਗਗਨਦੀਪ ਸਿੰਘ ਏ ਆਰ ਜੋ ਬੀਤੇ ਕੁੱਝ ਦਿਨ ਪਹਿਲਾਂ ਪ੍ਰਮਾਤਮਾ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਅਚਾਨਕ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਗੁਰੂ ਚਰਨਾਂ ਚ ਜਾ ਬਿਰਾਜੇ ਸਨ ਜਿਸ ਦੀ ਖ਼ਬਰ ਸੁਣਦਿਆਂ ਹੀ ਦੋਸਤਾਂ ਮਿੱਤਰਾਂ ਸਾਕ ਸਬੰਧੀਆਂ ਵੱਲੋਂ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ ਜਿਸ ਦੇ ਚੱਲਦਿਆਂ ਬੀਤੇ ਕੱਲ ਸਾਬਕਾ ਬਲਾਕ ਸੰਮਤੀ ਮੈਂਬਰ ਸ੍ਰੀਮਤੀ ਰੰਜਨਾ ਟੱਕਰ ਅਤੇ ਉਨ੍ਹਾਂ ਦੇ ਪਤੀ ਸ੍ਰ ਅਵਤਾਰ ਸਿੰਘ ਟੱਕਰ ਜਾਣੀਆਂ ਨੇ ਏ ਆਰ ਦੇ ਗ੍ਰਹਿ ਵਿਖੇ ਪਹੁੰਚ ਕੇ ਸਰਦਾਰ ਮਲਕੀਤ ਸਿੰਘ ਏ ਆਰ ਦੇ ਪ੍ਰੀਵਾਰ ਵਿੱਚੋਂ ਛੋਟੇ ਬੇਟੇ ਸੰਦੀਪ ਸਿੰਘ ਏ ਆਰ ਨਾਲ ਦੁੱਖ ਸਾਂਝਾ ਕੀਤਾ ਇਸ ਸਬੰਧੀ ਪ੍ਰੈਸ ਨੋਟ ਜਾਰੀ ਕਰਦਿਆਂ ਹੋਇਆਂ ਟੱਕਰ ਨੇ ਕਿਹਾ ਕਿ ਗਗਨਦੀਪ ਸਿੰਘ ਏ ਆਰ ਛੋਟੀ ਉਮਰ ਵਿਚ ਸੰਸਾਰ ਨੂੰ ਛੱਡ ਕੇ ਚਲੇ ਜਾਣ ਨਾਲ ਪ੍ਰੀਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਵਾਹਿਗੁਰੂ ਜੀ ਗਗਨਦੀਪ ਸਿੰਘ ਨੂੰ ਆਪਣੇ ਚਰਨਾਂ ਚ ਨਿਵਾਸ ਬਖਸ਼ਣ ਪਰਿਵਾਰ ਨੂੰ ਆਕਾਲ ਪੁਰਖ ਭਾਣਾ ਮੰਨਣ ਦਾ ਬਲ ਬਖਸ਼ਣ ਅੱਗੇ ਟੱਕਰ ਨੇ ਦੱਸਿਆ ਕਿ ਗਗਨਦੀਪ ਸਿੰਘ ਦੀ ਆਤਮਿਕ ਸ਼ਾਂਤੀ ਲਈ ਸ਼ਰਧਾਂਜਲੀ ਸਮਾਰੋਹ ਅਤੇ ਅੰਤਿਮ ਅਰਦਾਸ 14 ਅਪ੍ਰੈਲ ਦਿਨ ਸੋਮਵਾਰ ਨੂੰ 12 ਤੋਂ 1 ਵਜੇ ਤੱਕ ਸ਼ਹੀਦ ਊਧਮ ਸਿੰਘ ਭਵਨ ਨੇੜੇ ਚੌਂਕ ਭਗਤਾਂ ਵਾਲਾ ਅੰਮ੍ਰਿਤਸਰ ਵਿਖੇ ਹੋਵੇਗੀ ਸਮੂਹ ਸਬੰਧੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸ਼ਰਧਾਂਜਲੀ ਸਮਾਰੋਹ ਵਿੱਚ ਸਮੇਂ ਸਿਰ ਪਹੁੰਚ ਕਿ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣਾ 9

AWAZE QAUM International Newspaper & WEB TV

## ਬੀ.ਕਾਮ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਮਾਰੀਆਂ ਮੱਲਾ



**ਚੌਂਕ ਮਹਿਤਾ, 8 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ .ਕਾਮ ਦੇ ਨਤੀਜੇ ਘੋਸ਼ਿਤ ਕੀਤੇ ਗਏ। ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਸਿਮਰਨਪ੍ਰੀਤ ਕੌਰ 70%,ਨਵਦੀਪ ਕੌਰ 68% ਅਤੇ ਜੈਸਮੀਨ ਕੌਰ 67% ਅੰਕ ਪ੍ਰਾਪਤ ਕਰ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਯੂਨੀਵਰਸਿਟੀ ਦੀਆਂ ਇਹਨਾ ਪ੍ਰੀਖਿਆਵਾਂ ਵਿਚ ਕਾਲਜ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਲਾਘਾਯੋਗ ਰਿਹਾ। ਇਸ ਮੌਕੇ ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੀ ਬਦੌਲਤ ਵਿੱਦਿਆ ਦਾ ਪਸਾਰ ਹੁੰਦਾ ਹੈ ਅਤੇ ਭਵਿੱਖ ਵਿੱਚ ਵਿਚਰਨ ਲਈ ਯੋਗ ਅਤੇ ਬੁੱਧੀਮਾਨ ਜੀਵ ਦਾ ਨਿਰਮਾਣ ਹੁੰਦਾ ਹੈ। ਆਧੁਨਿਕ ਸਮੇਂ ਵਿੱਚ ਡਿਗਰੀ ਦਾ ਹੋਣਾ ਲਾਜਮੀ ਹੈ। ਇਸ ਲਈ ਨੌਜਵਾਨ ਪੀੜ੍ਹੀ ਨੂੰ ਉੱਚ ਕੋਟੀ ਦੀ ਵਿਦਿਆ ਸਿਖਲਾਈ ਲਈ ਕਾਲਜ ਵਿਚ ਦਾਖਲਾ ਜਰੂਰੀ ਲੈਣਾ ਚਾਹੀਦਾ ਹੈ। ਇਸ ਸੁਭਾਗੇ ਮੌਕੇ ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ,ਪ੍ਰਿੰਸੀਪਲ ਡਾਕਟਰ ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ , ਨਵਨੀਤ ਕੌਰ, ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਰੁਪਿੰਦਰ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

AWAZE QAUM International Newspaper & WEB TV

## ਪੰਜਾਬ ਦੇ ਰਾਜਪਾਲ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਾਸਤੇ ਕੀਤੀ ਜਾ ਰਹੀ ਪੈਦਲ ਯਾਤਰਾ ਲੋਕਾਂ ਨੂੰ ਜਾਗਰੂਕ ਕਰਨ ਲਈ ਮੀਲ ਪੱਥਰ ਸਾਬਤ ਹੋਵੇਗੀ : ਪ੍ਰੋ. ਬਡੂੰਗਰ

ਪਟਿਆਲਾ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਾਸਤੇ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਦੌਰਾਨ ਬਾਰਡਰ ਖੇਤਰ ਵਿੱਚ ਕੀਤੀ ਜਾ ਰਹੀ ਪੈਦਲ ਯਾਤਰਾ ਲੋਕਾਂ ਨੂੰ ਜਾਗਰੂਕ ਕਰਨ ਲਈ ਮੀਲ ਪੱਥਰ ਸਾਬਤ ਹੋਵੇਗੀ।

ਪ੍ਰੋਫੈਸਰ ਬਡੂੰਗਰ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕੁਟਾਰੀਆ ਦੀ ਇਸ ਗੱਲੋਂ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਵਾਸਤੇ ਗਰਮੀ ਦੇ ਬਾਵਜੂਦ ਵੀ ਪੈਦਲ ਯਾਤਰਾ ਕਰਕੇ ਮਾਨਵਤਾ ਦੇ ਭਲੇ ਦੇ ਕਾਰਜ ਵਿੱਚ ਅਹਿਮ ਰੋਲ ਅਦਾ ਕਰ ਰਹੇ ਹਨ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਨਸ਼ੇ ਦੀ ਬਿਮਾਰੀ ਇੱਕ ਵੱਡੀ ਵੰਗਾਰ ਤੇ ਚੈਲੈਂਜ ਸਾਬਤ ਹੋ ਰਹੀ ਹੈ,

ਪੰਜਾਬੀਆਂ ਨੂੰ ਆਪਣੇ ਭਵਿੱਖ ਖੁਸ਼ਹਾਲ ਬਣਾਉਣ ਵਾਸਤੇ ਨਸ਼ਿਆਂ ਦੇ ਖਾਤਮੇ ਬਾਕੀਆਂ ਨੂੰ ਵੀ ਜਾਨਣਾ ਪਵੇਗਾ ਕਿ ਨਸ਼ਿਆਂ ਖਿਲਾਫ਼ ਵੱਡੇ ਪੱਧਰ ਤੇ ਇੱਕ ਲੋਕ ਲਹਿਰ ਖੜੀ ਕਰਨ ਕੀਤੀ ਜਾਵੇ । ਉਹਨਾਂ ਕਿਹਾ ਕਿ ਅੱਜ ਨਸ਼ਾ ਲੋਕਾਂ ਨੂੰ ਘੁਣ ਵਾਂਗ ਖਾਂਦਾ ਜਾ ਰਿਹਾ ਹੈ ਜੋ ਪੰਜਾਬ ਦੀ ਨੌਜਵਾਨੀ ਨੂੰ ਤਬਾਹ ਕਰ ਰਿਹਾ ਹੈ ਇਸੇ ਲਈ ਸਭ ਨੂੰ ਰਲ ਮਿਲ ਕੇ ਇਸ ਬਿਮਾਰੀ ਖਤਮ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਸੁਨਹਿਰੀ ਪੰਜਾਬ ਦੀ ਸਿਰਜਨਾ ਕੀਤੀ ਜਾ ਸਕੇ ।

AWAZE QAUM International Newspaper & WEB TV

ਪੰਥ ਪ੍ਰਸਿੱਧ ਕਵੀ ਤਰਲੋਕ ਸਿੰਘ ਦੀਵਾਨਾ ਜੀ ਦੀ ਯਾਦ 'ਚ

# 'ਪੰਜਵੇਂ ਤਰਲੋਕ ਸਿੰਘ ਦੀਵਾਨਾ ਯਾਦਗਾਰੀ ਪੰਥਕ ਕਵੀ ਅਵਾਰਡ' ਨਾਲ ਕਵੀ ਮੱਖਣ ਸਿੰਘ ਧਾਲੀਵਾਲ ਨੂੰ ਕੀਤਾ ਸਨਮਾਨਿਤ




**ਜੰਡਿਆਲਾ ਗੁਰੂ 8 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**- ਬੀਤੀ ਸ਼ਾਮ ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਮੱਤੇਵਾਲ ਦੇ ਗੁਰਦੁਆਰਾ ਪੂਰਨਮਾਸ਼ੀ ਵਿਖੇ ਬਾਬਾ ਨਿਰਮਲ ਸਿੰਘ ਜੀ ਅਤੇ ਸਮੁੱਚੀ ਗੁਰਦੁਆਰਾ ਕਮੇਟੀ ਦੀ ਦੇਖ ਰੇਖ ਹੇਠ ਇਲਾਕੇ ਦੀ ਸੰਗਤ ਵੱਲੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਤੇ ਪੰਥਕ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਭਾਈ ਦੀਪ ਸਿੰਘ ਲੁਧਿਆਣਾ, ਬੀਬੀ ਮਨਜੀਤ ਕੌਰ ਪਹੂਵਿੰਡ, ਸ਼ੁਕਰਗੁਜ਼ਾਰ ਸਿੰਘ ਐਡਵੋਕੇਟ, ਭਾਈ ਮੱਖਣ ਸਿੰਘ ਧਾਲੀਵਾਲ ਨੇ ਆਪਣੀਆਂ ਧਾਰਮਿਕ ਕਵਿਤਾਵਾਂ ਰਾਹੀਂ ਖਾਲਸਾ ਸਾਜਨਾ ਦਿਵਸ ਨਾਲ ਸੰਬੰਧਿਤ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ। ਸਮਾਗਮ ਦੀ ਸ਼ੁਰੂਆਤ ਬਾਬਾ ਬਲਵਿੰਦਰ ਸਿੰਘ ਜੀ ਮੱਤੇਵਾਲ ਨੇ ਰੱਸ ਭਿੰਨੇ ਕੀਰਤਨ ਨਾਲ ਕੀਤੀ। ਉਪਰੰਤ ਕਥਾਵਾਚਕ ਗਿਆਨੀ ਜਸਵਿੰਦਰ ਸਿੰਘ ਦਰਦੀ ਜੀ ਨੇ ਖਾਲਸਾਈ ਮਹਾਨਤਾ ਸੰਬੰਧੀ ਕਥਾ ਵਿਚਾਰਾਂ ਕੀਤੀਆਂ। ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਈ ਪ੍ਰਗਟ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਸੰਗਤਾਂ ਨਾਲ ਸਿੱਖੀ ਸਰੂਪ ਸੰਬੰਧੀ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ। ਹਾਜ਼ਿਰ ਕਵੀਸ਼ਰ ਜਥਿਆਂ ਅਤੇ ਬੱਚਿਆਂ ਨੇ ਵੀ ਕਵਿਤਾਵਾਂ ਦੀ ਹਾਜ਼ਰੀ ਭਰੀ। ਆਖਿਰ ਵਿੱਚ ਬਾਬਾ ਸੱਜਣ ਸਿੰਘ ਗੁਰੂ ਕੇ ਬੇਰ ਵਾਲਿਆਂ ਨੇ ਪੰਜਾਬੀ ਸਾਹਿਤ ਸਭਾ (ਰਜਿ) ਜੰਡਿਆਲਾ ਗੁਰੂ ਦੇ ਨੁਮਾਇੰਦਿਆ ਸਮੇਤ ਹਾਜ਼ਿਰ ਧਾਰਮਿਕ ਆਗੂਆਂ ਦੇ ਨਾਲ ਪੰਥਕ ਕਵੀ ਮੱਖਣ ਸਿੰਘ ਧਾਲੀਵਾਲ ਜੀ ਨੂੰ ਕਸਬਾ ਜੰਡਿਆਲਾ ਗੁਰੂ ਦੇ ਪੰਥ ਪ੍ਰਸਿੱਧ ਕਵੀ ਤਰਲੋਕ ਸਿੰਘ ਦੀਵਾਨਾ ਜੀ ਦੀ ਯਾਦ 'ਚ "ਪੰਜਵੇਂ ਤਰਲੋਕ ਸਿੰਘ ਦੀਵਾਨਾ ਯਾਦਗਾਰੀ ਪੰਥਕ ਕਵੀ ਅਵਾਰਡ" ਨਾਲ ਸਨਮਾਨਿਤ ਕੀਤਾ। ਸਥਾਨਕ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਨਿਰਮਲ ਸਿੰਘ ਅਤੇ ਨੌਜਵਾਨ ਪੰਥਕ ਕਵੀ ਮਲਕੀਤ ਸਿੰਘ ਨਿਮਾਣਾ ਨੇ ਪ੍ਰਚਾਰਕਾਂ, ਕਵੀਆਂ, ਕਥਾਵਾਚਕਾਂ, ਪਹੁੰਚੇ ਧਾਰਮਿਕ ਆਗੂਆਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਦਸ਼ਮੇਸ਼ ਤਰਨਾ ਦਲ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਅਤੇ ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੋਸਾਇਟੀ ਵੱਲੋਂ

# ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ



**ਜੰਡਿਆਲਾ ਗੁਰੂ 8 ਅਪ੍ਰੈਲ (ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਤੋਂ ਥੋੜੀ ਦੂਰੀ ਤੇ ਵਸੇ ਪਿੰਡ ਰਾਣਾ ਕਾਲਾ ਵਿਖੇ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ, ਇਸ ਮੌਕੇ ਤੇ ਜਾਣਕਾਰੀ ਦਿੰਦੇ ਹੋਏ ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੋਸਾਇਟੀ ਪੰਜਾਬ ਜਿਸ ਦੇ ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ ਨੇ ਦੱਸਿਆ ਕਿ, ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਰਾਣਾ ਕਾਲਾ ਵਿਖੇ ਗੁਰਦੁਆਰਾ ਬਾਬਾ ਜੀਵਨ ਸਿੰਘ ਵਿਖੇ ਸਾਰੇ ਪਿੰਡ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਵੱਖ ਵੱਖ ਥਾਵਾਂ ਤੋਂ ਕਵੀਸ਼ਰੀ ਕਥਾ ਵਾਚਕ ਤੇ ਢਾਡੀ ਜਥਿਆਂ ਨੇ ਆਪਣੀ ਹਾਜ਼ਰੀ ਲਵਾਈ। ਇਹ ਗੁਰਮਤਿ ਸਮਾਗਮ ਦਸ਼ਮੇਸ਼ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਅਤੇ ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੋਸਾਇਟੀ ਪੰਜਾਬ ਭਾਈ ਮਨਜੀਤ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਤੇ ਹਰਵਿੰਦਰ ਸਿੰਘ ਫੌਜੀ ਸਰਪੰਚ ਹਰਜੀਤ ਸਿੰਘ ਵਡਾਲਾ ਜੌਹਲ, ਜਥੇਦਾਰ ਬਾਬਾ ਕਰਤਾਰ ਸਿੰਘ ਸਤਨਾਮ ਸਿੰਘ ਆਦਿ ਹਾਜ਼ਰ ਸਨ ਇਸ ਮੌਕੇ ਤੇ ਪ੍ਰਧਾਨ ਮਨਜੀਤ ਸਿੰਘ ਨੇ ਆਈਆਂ ਹੋਈਆ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਈ ਡੱਲ ਸਿੰਘ ਗਤੱਕਾ ਅਕੈਡਮੀ ਅਤੇ ਸਟੱਡ ਫਾਰਮ ਤਲਵੰਡੀ ਸਾਬੋ ਵੱਲੋਂ ਦਸਵਾਂ ਵਿਰਸਾ ਸੰਭਾਲ ਗਤਕਾ ਮੁਕਾਬਲਾ 10 ਨੂੰ

### ਨੌਜਵਾਨਾਂ ਨੂੰ ਪਤਿਤਪੁਣੇ ਅਤੇ ਨਸ਼ਿਆਂ ਤੋ ਰੋਕਣਾ ਜਰੂਰੀ- ਭਾਈ ਸਰਬਜੀਤ ਸਿੰਘ ਖਾਲਸਾ



**ਤਲਵੰਡੀ ਸਾਬੋ, 08 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਭਾਈ ਡੱਲ ਸਿੰਘ ਗਤਕਾ ਅਕੈਡਮੀ ਅਤੇ ਸਟੱਡ ਫਾਰਮ ਤਲਵੰਡੀ ਸਾਬੋ ਵੱਲੋਂ ਖਾਲਸਾ ਸਾਜਨਾ ਦਿਵਸ ਵਿਸਾਖੀ ਅਤੇ ਸੰਦੀਪ ਸਿੰਘ ਦੀਪ ਸਿੱਧੂ ਦੀ ਯਾਦ ਨੂੰ ਸਮਰਪਿਤ ਦਸਵਾਂ ਵਿਰਸਾ ਸੰਭਾਲ ਗੱਤਕਾ ਮੁਕਾਬਲਾ 10 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਪੰਜਾਬ ਭਰ ਦੀਆਂ ਨਾਮਵਰ ਟੀਮਾਂ ਭਾਗ ਲੈ ਰਹੀਆਂ ਹਨ। ਗਤੱਕਾ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਡੱਲ ਸਿੰਘ ਗੱਤਕਾ ਅਕੈਡਮੀ ਦੇ ਮੁੱਖ ਸੇਵਾਦਾਰ ਭਾਈ ਸਰਬਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਜਿੱਥੇ ਗੱਤਕਾ ਮੁਕਾਬਲੇ ਵੱਡੀ ਪੱਧਰ 'ਤੇ ਕਰਵਾਏ ਜਾ ਰਹੇ ਹਨ ਉੱਥੇ ਹੀ 10 ਅਪ੍ਰੈਲ ਨੂੰ ਦਸਤਾਰ ਤੇ ਦੁਮਾਲਾ ਮੁਕਾਬਲੇ ਵੀ ਕਰਵਾਏ ਜਾ ਰਹੇ ਹਨ ਜਿਸ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਨਗਦ ਇਨਾਮ ਰਾਸ਼ੀ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਦਸਤਾਰ ਤੇ ਦੁਮਾਲਾ ਮੁਕਾਬਲੇ ਵਿੱਚ ਮੌਕੇ 'ਤੇ ਐਂਟਰੀ ਕਰਵਾਈ ਜਾਵੇਗੀ ਇਸ ਵਿੱਚ ਕੋਈ ਵੀ ਬੱਚਾ ਭਾਗ ਲੈ ਸਕਦਾ ਹੈ। ਇੱਕ ਸਵਾਲ ਦੇ ਜਵਾਬ ਵਿੱਚ ਭਾਈ ਸਰਬਜੀਤ ਸਿੰਘ ਖਾਲਸਾ ਨੇ ਕਿਹਾ ਕਿ ਖਾਲਸਾ ਸਾਜਨਾ ਦਿਵਸ (ਵਿਸਾਖੀ) ਨੂੰ ਸਮਰਪਿਤ ਅਤੇ ਸਿੱਖ ਹੱਕਾਂ ਦੀ ਤਰਜਮਾਨੀ ਕਰਨ ਵਾਲੇ ਮਹਾਨ ਯੋਧੇ ਗੁਰਪੁਰਵਾਸੀ ਭਾਈ ਸੰਦੀਪ ਸਿੰਘ (ਬਾਈ ਦੀਪ ਸਿੱਧੂ) ਦੀ ਯਾਦ ਵਿੱਚ ਸਿੱਖ ਨੌਜਵਾਨਾਂ ਨੂੰ ਪਤਿਤਪੁਣੇ ਅਤੇ ਨਸ਼ਿਆਂ ਤੋ ਰੋਕ ਕੇ ਪੰਥ ਖਾਲਸਾ ਜੀ ਦੇ ਜੰਗੀ ਜਾਹੋ ਜਲਾਲ ਅਤੇ ਪੰਥਕ ਪ੍ਰੰਪਰਾਵਾਂ ਵੱਲ ਮੁੜਨ ਅਤੇ ਪੰਥਕ ਜਜ਼ਬਾ ਭਰਨ ਦੇ ਉਦੇਸ਼ ਨਾਲ ਇਹ ਸਮਾਗਮ ਕਰਵਾਏ ਜਾ ਰਹੇ ਹਨ। ਨੌਜਵਾਨਾਂ ਅਤੇ ਗਤੱਕਾ ਜਥਿਆਂ ਨੂੰ ਅਪੀਲ ਕਰਦਿਆਂ ਭਾਈ ਸਰਬਜੀਤ ਸਿੰਘ ਖਾਲਸਾ ਕਿਹਾ ਕਿ ਸਮੁੱਚੇ ਇਲਾਕੇ ਦੇ ਨੌਜਵਾਨ ਅਤੇ ਸੰਗਤਾਂ ਇਹਨਾਂ ਸਮਾਗਮਾਂ ਵਿੱਚ ਆਪਣੀਆਂ ਹਾਜ਼ਰੀਆਂ ਲਵਾ ਕੇ ਵੱਧ ਤੋਂ ਵੱਧ ਲਾਹਾ ਪ੍ਰਾਪਤ ਕਰਨ ਤਾਂ ਕਿ ਗੱਤਕੇ ਦੇ ਨਾਲ ਨਾਲ ਭੁੱਲ ਚੁੱਕੀ ਪੰਜਾਬ ਦੀ ਨੌਜਵਾਨੀ ਨੂੰ ਦਸਤਾਰਾਂ ਦੇ ਨਾਲ ਜੋੜਿਆ ਜਾ ਸਕੇ ਕਿਉਂਕਿ ਸਿੱਖ ਨੌਜਵਾਨਾਂ ਨੂੰ ਪਤਿਤਪੁਣੇ ਅਤੇ ਨਸ਼ਿਆਂ ਤੋਂ ਰੋਕਣਾ ਜਰੂਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਬਸੰਮਤੀ ਨਾਲ ਚੁਣੀ ਪੰਚਾਇਤ ਨੂੰ 5 ਲੱਖ ਦਾ ਚੈੱਕ ਮਿਲਿਆ ਅਤੇ ਦੂਸਰਾ ਚੈੱਕ ਪਿੰਡ ਵਡਾਈ ਡੋਗਰਾਂ ਦੀ ਖੇਡ ਗਰਾਉਂਡ ਬਣਾਉਣ ਵਾਸਤੇ 3 ਲੱਖ 66 ਮਿਲਿਆ ਸਰਪੰਚ ਸੰਦੀਪ ਸਿੰਘ ਮੌਜੀ



**ਜੰਡਿਆਲਾ ਗੁਰੂ, 8 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਜੀ ਨੇ ਆਪਣੇ ਦਫਤਰ ਵਿਖੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 8 ਲੱਖ 66 ਹਜਾਰ ਰੁਪਏ ਦੇ ਚੈੱਕ ਸਰਪੰਚਾਂ ਨੂੰ ਵੰਡੇ ਗਏ ਮੰਤਰੀ ਈਟੀਓ ਵੱਲੋਂ ਬਲਾਕ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਵਡਾਲੀ ਡੋਗਰਾਂ ਦੀ ਗ੍ਰਾਮ ਪੰਚਾਇਤ ਨੂੰ ਪਿੰਡ ਦੇ ਵਿਕਾਸ ਲਈ ਚੈੱਕ ਦਿੱਤੇ ਪਹਿਲਾ ਚੈੱਕ ਪਿੰਡ ਵਡਾਲੀ ਡੋਗਰਾਂ ਦੀ ਬਣੀ ਹੋਈ ਸਰਬਸੰਮਤੀ ਨਾਲ ਚੁਣੀ ਹੋਈ ਪੰਚਾਇਤ ਨੂੰ 5 ਲੱਖ ਦਾ ਚੈੱਕ ਮਿਲਿਆ ਦੂਸਰਾ ਚੈੱਕ ਪਿੰਡ ਵਡਾਈ ਡੋਗਰਾਂ ਦੀ ਖੇਡ ਗਰਾਉਂਡ ਬਣਾਉਣ ਵਾਸਤੇ 3 ਲੱਖ 66 ਹਜਾਰ ਰੁਪਏ ਦਾ ਚੈੱਕ ਮਿਲਿਆ ਸਰਪੰਚ ਨੂੰ ਕਿਹਾ ਕੀ ਇਹ ਗ੍ਰਾਂਟ ਤੁਹਾਡੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਦਿੱਤੀ ਗਈ ਹ ਇਹ ਗ੍ਰਾਂਟ ਜਲਦੀ ਤੋ ਜਲਦੀ ਆਪਣੇ ਪਿੰਡਾਂ ਵਿੱਚ ਖਰਚ ਕੀਤੇ ਜਾਣ ਸਰਪੰਚਾਂ ਵੀ ਆਖਿਆ ਕਿ ਤੁਸੀਂ ਬਿਨਾਂ ਕਿਸੇ ਭੇਦ ਭਾਵ ਦੇ ਇਹ ਨਹੀਂ ਵੇਖਣਾ ਕਿ ਕਿਸੇ ਨੇ ਵੋਟ ਪਾਈ ਹ ਕਿ ਕਿਸੇ ਨੇ ਨਹੀਂ ਪਾਈ ਹਰ ਇੱਕ ਦਾ ਅਧੂਰਾ ਰਹਿੰਦਾ ਕੰਮ ਪੂਰਾ ਕੀਤਾ ਜਾਵੇ ਤੁਹਾਡੇ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਪੈਸੇ ਦੀ ਥੋੜ ਨਹੀਂ ਦਿੱਤੀ ਜਾਵੇਗੀ ਇਸ ਮੌਕੇ ਤੇ ਪਿੰਡ ਵਡਾਲੀ ਡੋਗਰਾਂ ਦੇ ਸਰਪੰਚ ਸੰਦੀਪ ਸਿੰਘ ਮੌਜੀ , ਅਵਤਾਰ ਸਿੰਘ ਮੈਂਬਰ , ਬਿਕਰਮਜੀਤ ਸਿੰਘ ਮੈਂਬਰ , ਜਸਬੀਰ ਸਿੰਘ ਮੈਂਬਰ , ਨਛੱਤਰ ਸਿੰਘ ਮੈਂਬਰ , ਬੀਬੀ ਅਮਨਦੀਪ ਕੌਰ ਮੈਂਬਰ , ਪਰਮਜੀਤ ਕੌਰ ਮੈਂਬਰ , ਜਸਵਿੰਦਰ ਕੌਰ ਮੈਂਬਰ , ਚੇਅਰਮੈਨ ਸ਼ਨਾਖ ਸਿੰਘ , ਪ੍ਰਧਾਨ ਸਵਰਨ ਸਿੰਘ ਗਹਿਰੀ ਮੰਡੀ , ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ , ਸੁਰਿੰਦਰ ਸਿੰਘ , ਮਲਕੀਤ ਸਿੰਘ ਬੀ ਡੀ ਓ , ਫੈਕਟਰੀ ਇੰਦਰਜੀਤ ਸਿੰਘ ਇਸ ਮੌਕੇ ਤੇ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਐਮ.ਓ ਤਲਵੰਡੀ ਸਾਬੋ ਨੇ ਪੁਲਿਸ ਪ੍ਰਸ਼ਾਸ਼ਨ ਨਾਲ ਕੀਤੀ ਮੀਟਿੰਗ

**ਤਲਵੰਡੀ ਸਾਬੋ, 08 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਨਸ਼ੇ ਵਿਰੁੱਧ ਅਤੇ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ ਅਤੇ ਵਚਨਬੱਧ ਹੈ। ਤਲਵੰਡੀ ਸਾਬੋ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਦੇ ਹੁਕਮਾਂ ਅਨੁਸਾਰ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਵੱਖ-ਵੱਖ ਵਿਭਾਗਾਂ ਵਿੱਚ ਕੀਤੇ ਜਾ ਰਹੇ ਸੁਧਾਰ ਦੀ ਲੜੀ ਤਹਿਤ ਅੱਜ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਨੇ ਡੀ.ਐਸ.ਪੀ ਰਾਜੇਸ਼ ਸਨੇਹੀ ਅਤੇ ਐੱਸ.ਐੱਚ.ਓ ਪਰਬਤ ਸਿੰਘ ਨਾਲ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਮੀਟਿੰਗ ਕੀਤੀ ਅਤੇ ਹਸਪਤਾਲ ਦਾ ਦੌਰਾ ਕਰਾਇਆ। ਜਿਸ ਵਿੱਚ ਡਾ. ਰਵੀ ਕਾਂਤ ਨੇ ਹਸਪਤਾਲ ਵਿੱਚ ਚੱਲ ਰਹੇ ਓਟ ਕਲੀਨਿਕ, ਅਪ੍ਰੇਸ਼ਨ ਥਿਏਟਰ, ਆਈ.ਪੀ.ਡੀ ਵਿਭਾਗ ਵਿਖੇ ਦਿੱਤੀਆਂ ਜਾ ਰਹੀਆਂ ਲੋਕਾਂ ਨੂੰ ਸਿਹਤ ਸੇਵਾਵਾਂ ਬਾਰੇ ਜਾਣੂ ਕਰਾਇਆ ਅਤੇ ਨਾਲ ਹੀ ਹਸਪਤਾਲ ਵਿਖੇ ਮਰੀਜ਼ਾਂ ਅਤੇ ਸਿਹਤ ਕਰਮੀਆਂ ਲਈ ਸੁਰੱਖਿਆ ਪ੍ਰਬੰਧਾਂ ਨੂੰ ਪੁਖਤਾ ਬਣਾਉਣ ਲਈ ਗੱਲਬਾਤ ਕੀਤੀ ਗਈ। ਇਸ ਮੌਕੇ ਡੀ.ਐਸ.ਪੀ ਰਾਜੇਸ਼ ਸਨੇਹੀ ਨੇ ਭਰੋਸਾ ਦਵਾਇਆ ਕਿ ਹਸਪਤਾਲ ਵਿਖੇ ਦਿਨ ਰਾਤ ਪੈਟ੍ਰੋਲਿੰਗ ਟੀਮਾਂ ਮੁਸ਼ਤੈਦ ਰਹੇਗੀ ਅਤੇ ਉਨ੍ਹਾਂ ਕਿਹਾ ਗਿਆ ਕਿ ਸ਼ਰਾਰਤੀ ਅਨਸਰਾਂ ਵੱਲੋਂ ਕਿਸੇ ਵੀ ਤਰ੍ਹਾਂ ਦੀ ਚੋਰੀ ਦੀ ਘਟਨਾ ਅਤੇ ਕਿਸੇ ਮਰੀਜ਼ ਜਾਂ ਫਿਰ ਸਿਹਤ ਮੁਲਾਜ਼ਮ ਨੂੰ ਤੰਗ ਪਰੇਸ਼ਾਨ ਕਰਨ ਵਾਲੇ ਨੂੰ ਬਖ਼ਿਸ਼ਆ ਨਹੀਂ ਜਾਏਗਾ। ਨਸ਼ਾ ਛਡਾਊ ਕੇਂਦਰ ਤੋਂ ਦਵਾਈ ਲੈਣ ਵਾਲੇ ਮਰੀਜਾਂ ਦੇ ਡੋਪ ਟੈਸਟ ਕਰਾਉਣ ਸਬੰਧੀ ਗੱਲਬਾਤ ਕੀਤੀ ਗਈ। ਇਸ ਮੌਕੇ ਡਾ. ਰਵੀ ਕਾਂਤ ਨੇ ਕਿਹਾ ਕਿ ਸਿਵਲ ਹਸਪਤਾਲ ਵਿਖੇ 24 ਘੰਟੇ ਦੇਣ ਲਈ ਮੁਲਾਜਮ ਵਚਨਬੱਧ ਹਨ ਅਤੇ ਜੇਕਰ ਕਿਸੇ ਮਰੀਜ਼ ਨੂੰ ਸਿਹਤ ਸੇਵਾਵਾਂ ਲੈਣ ਸਮੇਂ ਕੋਈ ਸਮੱਸਿਆ ਜਾਂ ਦਿੱਕਤ ਪੇਸ਼ ਹੁੰਦੀ ਹੈ ਤਾਂ ਉਹ ਸਿੱਧੇ ਤੌਰ 'ਤੇ ਮਿਲ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV



### ਮਲਟੀਪਰਪਜ਼ ਹੈਲਥ ਇੰਪਲਾਈਜ ਮੇਲ/ਫੀਮੇਲ ਮੰਗਵਾਲ ਯੂਨੀਅਨ ਅਤੇ

# ਸੀ.ਐਚ.ਓ ਯੂਨੀਅਨ ਦੀ ਸੀਨੀਅਰ ਮੈਡੀਕਲ ਅਫਸਰ ਨਾਲ ਹੋਈ ਮੀਟਿੰਗ





**ਤਲਵੰਡੀ ਸਾਬੋ, 08 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਪਿਛਲੇ ਦਿਨੀ ਸੀਨੀਅਰ ਮੈਡੀਕਲ ਅਫਸਰ ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਮਲਟੀਪਰਪਜ਼ ਹੈਲਥ ਇੰਪਲਾਈਜ ਮੇਲ/ਫੀਮੇਲ ਮੰਗਵਾਲ ਯੂਨੀਅਨ ਅਤੇ ਸੀ.ਐਚ.ਓ ਯੂਨੀਅਨ ਦੀ ਮੀਟਿੰਗ ਹੋਈ ਜਿਸ ਵਿੱਚ ਸਿਵਲ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦੀਆਂ ਸਮੱਸਿਆਵਾਂ ਦੇ ਸਬੰਧ ਵਿੱਚ ਚਰਚਾ ਕੀਤੀ ਗਈ। ਇਸ ਦੌਰਾਨ ਸੀਨੀਅਰ ਮੈਡੀਕਲ ਅਫਸਰ ਵੱਲੋਂ ਪਾਣੀ ਦੀ ਸਮੱਸਿਆ ਨੂੰ ਲੈ ਕੇ ਜਥੇਬੰਦੀ ਨਾਲ ਚਰਚਾ ਹੋਈ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਮਲਟੀਪਰਪਜ਼ ਹੈਲਥ ਇੰਪਲਾਈਜ ਮੇਲ/ਫੀਮੇਲ ਯੂਨੀਅਨ ਮੰਗਵਾਲ ਦੇ ਪ੍ਰਧਾਨ ਹਰਪਾਲ ਸਿੰਘ ਗਿਆਨਾ ਅਤੇ ਸੀ.ਐੱਚ.ਓ ਯੂਨੀਅਨ ਦੇ ਪ੍ਰਧਾਨ ਸ਼ਿਵੰਦਰ ਸਿੰਘ ਕੰਗ ਨੇ ਦੱਸਿਆ ਕਿ ਮੀਟਿੰਗ ਮੌਕੇ ਪਤਾ ਲੱਗਿਆ ਕਿ ਵਾਟਰ ਕੂਲਰ ਦਾ ਕੰਪਰੈਸ਼ਰ ਦੋ ਵਾਰ ਪਹਿਲਾਂ ਚੋਰੀ ਹੋ ਚੁੱਕਾ ਹੈ ਅਤੇ ਜੋ ਕਿ ਕੁਝ ਲੰਮੇ ਸਮੇਂ ਤੋਂ ਖਰਾਬ ਪਿਆ ਹੈ। ਇਸ ਸਮੇਂ ਦੋਨਾਂ ਜਥੇਬੰਦੀਆਂ ਵੱਲੋਂ ਸੀਨੀਅਰ ਮੈਡੀਕਲ ਅਫਸਰ ਨੂੰ ਬੇਨਤੀ ਕੀਤੀ ਕਿ ਵਾਟਰ ਕੂਲਰ ਦੀ ਸੇਵਾ ਕਰਨ ਦਾ ਸਾਨੂੰ ਮੌਕਾ ਦਿੱਤਾ ਜਾਵੇ ਕਿਉਂਕਿ ਗਰਮੀਆਂ ਦਾ ਮੌਸਮ ਦਸਤਕ ਦੇ ਰਿਹਾ ਹੈ ਜਿਸ ਵਿੱਚ ਮਰੀਜ਼ਾਂ ਨੂੰ ਠੰਡੇ ਪਾਣੀ ਦੀ ਜ਼ਰੂਰਤ ਪਵੇਗੀ ਅਤੇ ਨਾਲ ਹੀ ਵਿਸਾਖੀ ਦਾ ਮੇਲਾ ਆ ਰਿਹਾ ਹੈ। ਇਸ ਸੱਮਸਿਆ ਨੂੰ ਮੱਦੇਨਜ਼ਰ ਰੱਖਦੇ ਹੋਏ ਸੀਨੀਅਰ ਮੈਡੀਕਲ ਅਫਸਰ ਰਵੀਕਾਂਤ ਤੋਂ ਮਨਜ਼ੂਰੀ ਲੈਣ ਤੋਂ ਬਾਅਦ ਵਾਟਰ ਕੂਲਰ ਨੂੰ ਮੁਰੰਮਤ ਕਰਵਾ ਕੇ ਚਾਲੂ ਕੀਤਾ ਗਿਆ ਅਤੇ ਨਾਲ ਹੀ ਸੀਨੀਅਰ ਮੈਡੀਕਲ ਅਫਸਰ ਨਾਲ ਇਹ ਵੀ ਵਾਅਦਾ ਕੀਤਾ ਗਿਆ ਕਿ ਦੋਨਾਂ ਜਥੇਬੰਦੀਆਂ ਵੱਲੋਂ ਹਸਪਤਾਲ ਨੂੰ ਉਚਾਈਆਂ 'ਤੇ ਪਹੁੰਚਾਉਣ ਲਈ ਹਰ ਸਮੇਂ ਤੁਹਾਡੇ ਨਾਲ ਖੜ੍ਹੇ ਹਾਂ।

ਮਲਟੀਪਰਪਜ਼ ਹੈਲਥ ਇੰਪਲਾਈਜ ਮੇਲ/ਫੀਮੇਲ ਮੰਗਵਾਲ ਯੂਨੀਅਨ ਅਤੇ ਸੀ.ਐਚ.ਓ ਯੂਨੀਅਨ ਦੀ ਸੀਨੀਅਰ ਮੈਡੀਕਲ ਅਫਸਰ ਨਾਲ ਹੋਈ ਮੀਟਿੰਗ

### ਚਿੱਟਾ ਕਵੀਨ ਕੰਨਸਟੇਬਲ ਅਮਨਦੀਪ ਕੌਰ ਤੋਂ ਬਾਅਦ ਇੰਸਪੈਕਟਰ ਮਨਜੀਤ ਸਿੰਘ ਦਾ 1 ਕਿਲੋ ਚਿੱਟੇ 'ਚ ਗ੍ਰਿਫਤਾਰ ਹੋਣਾ ਲੋਕਾਂ ਵੱਲੋਂ

# ਪੁਲਿਸ ਦੀ ਚਿੱਟੇ'ਚ ਸ਼ਮੂਲੀਅਤ ਵਾਲੇ ਛੱਕੇ ਨੂੰ ਨੰਗਾ ਕਰਦਾ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 8 ਅਪ੍ਰੈਲ (ਕੁਲਵੰਤ ਸਿੰਘ ਵਿਰਦੀ)**-ਪੰਜਾਬ ਦੇ ਸੀ ਆਈ ਸਟਾਪ ਨੂੰ ਅੰਮ੍ਰਿਤਸਰ'ਚ ਵੱਡੀ ਸਫਲਤਾ ਪ੍ਰਾਪਤ ਹੋਈ ਹੈ ਜਿਸ ਰਾਹੀਂ ਇਨਟੈਲੀਜੈਸ ਦੇ ਇੰਸਪੈਕਟਰ ਸ੍ਰ ਮਨਜੀਤ ਸਿੰਘ ਤੇ ਰਵੀ ਨਾ ਦੇ ਸਾਥੀ ਨੂੰ ਇੱਕੋ ਕਿਲੋ ਚਿੱਟੇ'ਚ ਕਾਬੂ ਕੀਤਾ ਗਿਆ ਹੈ,ਲੋਕਾਂ ਵੱਲੋਂ ਦੋਸ਼ੀ ਪੁਲਿਸ ਇੰਸਪੈਕਟਰ ਸ੍ਰ ਮਨਜੀਤ ਸਿੰਘ ਨੂੰ ਸੀ ਆਈ ਏ ਦੇ ਇੰਸਪੈਕਟਰ ਸ੍ਰ ਅਨਮੋਲਕ ਸਿੰਘ ਵੱਲੋਂ ਕਾਬੂ ਕਰਨ ਕੀਤੀ ਕਾਰਵਾਈ ਦੀ ਸ਼ਲਾਘਾ ਤੇ ਇਸ ਨੂੰ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਵਧੀਆ ਕਾਰਜ ਦੱਸਿਆ ਜਾ ਰਿਹਾ ਹੈ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਸੀ ਆਈ ਏ ਸਟਾਫ ਦੇ ਇੰਨਸਪੈਕਟਰ ਸ੍ਰ ਅਮੋਲਕ ਸਿੰਘ ਨੂੰ ਦਲੇਰੀ ਤੇ ਹਿੰਮਤ ਕਰਨ ਬਦਲੇ ਦਿਲੋ ਸਲੂਟ ਕਰਦੀ ਹੈ, ਕਿਉਂਕਿ ਬਠਿੰਡਾ ਵਿਖੇ ਤਾਇਨਾਤ ਪੁਲਿਸ ਕੰਨਸਟੇਬਲ ਬੀਬੀ ਅਮਨਦੀਪ ਕੌਰ ਦੇ 17,7 ਗ੍ਰਾਮ ਚਿੱਟੇ'ਚ ਗਿਰਫ਼ਤਾਰੀ ਤੋਂ ਬਾਅਦ ਅੰਮ੍ਰਿਤਸਰ ਵਿਖੇ ਇਨਟੈਲੀਜੈਸ ਦੇ ਇੰਨਸਪੈਕਟਰ ਸ੍ਰ ਮਨਜੀਤ ਸਿੰਘ ਤੇ ਸਾਥੀ ਰਵੀ ਨੂੰ ਇੱਕ ਕਿਲੋ ਚਿੱਟੇ'ਚ ਗਿਰਫਤਾਰ ਕਰਨ ਦੀ ਬਹਾਦਰੀ ਤੇ ਦਲੇਰੀ ਵਿਖਾਈ ਹੈ, ਅੰਮ੍ਰਿਤਸਰ ਰਣਜੀਤ ਐਵੇਂਨਿਊ ਥਾਣੇ'ਚ ਇਹਨਾਂ ਦੋਹਾਂ ਦੋਸ਼ੀਆਂ ਵਿਰੁੱਧ ਨਸ਼ਾ ਵਿਰੋਧੀ ਧਰਾਵਾਂ ਐਨ. ਡੀ. ਪੀ. ਐਸ. ਤਹਿਤ ਐਫ ਆਈ ਆਰ ਦਰਜ ਕਰਕੇ ਦੋ ਦਿਨਾਂ ਪੁਲਿਸ ਰਿਮਾਂਡ ਹਾਸਲ ਕਰ ਲਿਆ ਗਿਆ ਹੈ, ਸੀ ਆਈ ਏ ਸਟਾਫ ਦੇ ਇਮਾਨਦਾਰ ਇੰਸਪੈਕਟਰ ਸ੍ਰ ਅਮੋਲਕ ਸਿੰਘ ਵੱਲੋਂ ਚਿੱਟੇ ਦੇ ਕਾਰੋਬਾਰ ਵਿੱਚ ਸ਼ਾਮਲ ਇਨਟੈਲੀਜੈਸ ਇੰਨਸਪੈਕਟਰ ਸ੍ਰ ਮਨਜੀਤ ਸਿੰਘ ਅਤੇ ਰਵੀ ਸਾਥੀ ਸਮੇਤ ਕਾਬੂ ਕਰਕੇ ਇਹਨਾਂ ਦੋਸ਼ੀਆਂ ਤੋਂ ਇੱਕ ਕਿਲੋ ਚਿੱਟਾ ਬਰਾਬਦ ਕੀਤਾ ਗਿਆ, ਜਿਸ ਦੀ ਕੀਮਤ 7 ਕਰੌੜ ਦੱਸੀ ਜਾ ਰਹੀ ਹੈ, ਇਨ੍ਹਾਂ ਦੋਸ਼ੀਆਂ ਤੇ ਅੰਮ੍ਰਿਤਸਰ ਦੇ ਰਣਜੀਤ ਐਵੇਂਨਿਊ ਥਾਣਾ ਵਿਖੇ ਐਫ ਆਈ ਆਰ 36 ਦਰਜ਼ ਕੀਤੀ ਗਈ ਹੈ, ਪੁਲਿਸ ਨੇ ਇਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਦੋ ਦਿਨਾਂ ਦਾ ਪੁਲਿਸ ਰਿਮਾਂਡ ਲੈ ਲਿਆ ਹੈ, ਪੁਲਿਸ ਦੇ ਚਿਟੇ ਕਾਰੋਬਾਰ ਵਿੱਚ ਰੋਜ਼ ਰੋਜ਼ ਫੜੇ ਜਾਣ ਤੇ ਲੋਕਾਂ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਸਰਕਾਰ ਦੀ ਜੰਗ ਤੇ ਕਈ ਤਰ੍ਹਾਂ ਦੇ ਸਵਾਲ ਪੈਦਾ ਕੀਤੇ ਜਾ ਰਹੇ ਹਨ ਜਿਸ ਨੂੰ ਸਮਝਣਾ ਹਰ ਪੰਜਾਬੀ ਲਈ ਜ਼ਰੂਰੀ ਬਣ ਗਿਆ ਹੈ ਕਿ ਜੇਹੜੀ ਪੁਲਿਸ ਨੇ ਚਿੱਟੇ ਦੇ ਸੁਦਾਗਰਾਂ ਨੂੰ ਕਾਬੂ ਕਰਨਾ ਸੀ ਜੇ ਉਹ ਹੀ ਪੁਲਿਸ ਚਿੱਟੇ ਦੇ ਕਾਰੋਬਾਰ ਵਿੱਚ ਸ਼ਾਮਲ ਹੋਵੇ ਤਾਂ ਪੰਜਾਬ ਦੀ ਜਵਾਨੀ ਤਾਂ ਹੁਣ ਸਰਕਾਰਾਂ ਦੇ ਬਜਾਏ ਅਕਾਲ ਪੁਰਖ ਤੇ ਹੀ ਨਿਰਭਰ ਰਹੇ ਗਈ ਹੈ,ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਇਨਟੈਲੀਜੈਸ ਇੰਨਸਪੈਕਟਰ ਸ੍ਰ ਮਨਜੀਤ ਸਿੰਘ ਤੇ ਸਾਥੀ ਰਵੀ ਦੀ ਇੱਕ ਕਿਲੋ ਚਿੱਟੇ'ਚ ਕਾਬੂ ਹੋਂਣ ਵਾਲੀ ਘਟਨਾ ਦੀ ਨਿੰਦਾ ਕਰਦੀ ਹੋਈ ਸਰਕਾਰ ਤੋਂ ਮੰਗ ਕਰਦੀ ਹੈ ਕਿ ਪੁਲਿਸ'ਚ ਚਿੱਟੇ ਦੇ ਕਾਰੋਬਾਰੀ ਕਾਲੀਆਂ ਭੇਡਾਂ ਨੂੰ ਪੁਲਿਸ ਵਿਚੋ ਕੱਢਿਆ ਜਾਵੇ ਤਾਂ ਹੀ ਚਿੱਟੇ ਦੇ ਕਾਰੋਬਾਰ ਨੂੰ ਠੱਲ੍ਹ ਪਾਈ ਜਾ ਸਕਦੀ ਹੈ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਥਾਣਾ ਰਣਜੀਤ ਐਵੇਂ ਨਿਊ ਅੰਮ੍ਰਿਤਸਰ ਵਿਖੇ 1 ਕਿਲੋ ਚਿੱਟੇ'ਚ ਗਿਰਫ਼ਤਾਰ ਕੀਤੇ ਇੰਟੈਲੀਜੈਂਸ ਦੇ ਇੰਸਪੈਕਟਰ ਸ੍ਰ ਮਨਜੀਤ ਸਿੰਘ ਤੇ ਉਨ੍ਹਾਂ ਦੇ ਸਾਥੀ ਰਵੀ ਵਾਲੀ ਮੰਦਭਾਗੀ ਘਟਨਾ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਅਤੇ ਲੋਕਾਂ ਦੀ ਮੰਗ ਅਨੁਸਾਰ ਚਿੱਟੇ ਦੇ ਕਾਰੋਬਾਰ ਵਿੱਚ ਲਿਪਤ ਖਾਕੀ ਵਰਦੀ'ਚ ਛੁੱਪ ਬੈਠੀਆਂ ਕਾਲੀਆਂ ਭੇਡਾਂ ਨੂੰ ਪੁਲਿਸ ਵਿਚੋ ਕੱਢਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਨ੍ਹਾਂ ਭਾਈ ਖਾਲਸਾ ਨੇ ਦੱਸਿਆ ਅਜੇ ਪੁਲਿਸ ਲੇਡੀ ਕਾਂਸਟੇਬਲ ਅਮਨਦੀਪ ਕੌਰ ਦੇ ਚਿੱਟਾ ਵੇਚ ਕੇ ਬਣਾਈਆਂ ਜਾਇਦਾਦਾਂ ਦੇ ਕਾਲੇ ਕਾਰਨਾਮਿਆਂ ਦੀ ਸਿਆਹੀ ਵੀ ਨਹੀਂ ਸੁੱਕੀ ਅਤੇ ਹੁਣ ਅੰਮ੍ਰਿਤਸਰ'ਚ ਪੰਜਾਬ ਦੀ ਸੀ ਆਈ ਏ ਸਟਾਫ ਦੇ ਇੰਨਸਪੈਕਟਰ ਸ੍ਰ ਅਨਮੋਲਕ ਸਿੰਘ ਵੱਲੋਂ ਵੱਡੀ ਕਾਰਵਾਈ ਕਰਦਿਆਂ ਇੰਟੈਲੀਜੈਂਸ ਦੇ ਇੰਨਸਪੈਕਟਰ ਸ੍ਰ ਮਨਜੀਤ ਸਿੰਘ ਤੇ ਸਾਥੀ ਰਵੀ ਸਮੇਤ 1 ਕਿਲੋ ਚਿੱਟੇ'ਚ ਕਾਬੂ ਹੋਣਾ ਸਰਕਾਰ ਪੁਲਿਸ ਦੀ ਚਿੱਟੇ ਵਿਰੁੱਧ ਵਿੱਢੀ ਮੁਹਿੰਮ ਤੇ ਕਈ ਸਵਾਲ ਪੈਦਾ ਕਰਦੀ ਹੈ, ਭਾਈ ਖਾਲਸਾ ਨੇ ਦੱਸਿਆ ਬੀਤੇ ਸਮੇਂ ਵਿੱਚ ਫਿਰੋਜ਼ਪੁਰ ਦੇ ਇੱਕ ਐਸ ਐਸ ਪੀ ਤੇ ਡੀ ਐਸ ਪੀ ਨੇ ਜਨਤੱਕ ਇਕੱਠ'ਚ ਕਿਹਾ ਸੀ ਕਿ ਜਿੰਨੀ ਦੇਰ ਤੱਕ ਪੁਲਿਸ ਵਿਚੋ ਕਾਲੀਆਂ ਭੇਡਾਂ ਨੂੰ ਕੱਢਿਆ ਨਹੀਂ ਜਾਂਦਾ ,ਉਨੀਂ ਦੇਰ ਤੱਕ ਪੰਜਾਬ ਨੂੰ ਨਸ਼ਾ ਮੁਕਤ ਨਹੀਂ ਕਰਵਾਇਆ ਜਾ ਸਕਦਾ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਉਹਨਾਂ ਦੀਆਂ ਕਹੀਆਂ ਗੱਲਾਂ ਅਜ ਬਿਲਕੁਲ ਸੱਚ ਸ਼ਾਬਤ ਹੋਈਆਂ, ਭਾਈ ਖਾਲਸਾ ਨੇ ਦੱਸਿਆ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਫੜੇ ਗਏ ਇੰਨਸਪੈਕਟਰ ਸ੍ਰ ਮਨਜੀਤ ਸਿੰਘ ਤੇ ਉਨ੍ਹਾਂ ਦੇ ਸਾਥੀ ਰਵੀ ਦੀ ਖਾਕੀ ਵਰਦੀ ਨੂੰ ਬਦਨਾਮ ਕਰਨ ਵਾਲੀ ਕਾਲ਼ੀ ਕਰਤੂਤ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੋਈ ਸਰਕਾਰ ਤੋਂ ਮੰਗ ਕਰਦੀ ਹੈ ਕਿ ਇਨ੍ਹਾਂ ਦੀਆਂ ਜਾਇਦਾਦਾਂ ਦੀ ਜਾਂਚ ਕਰਵਾਈ ਜਾਵੇ ਅਤੇ ਸਭ ਦੀਆਂ ਜਾਇਦਾਦਾਂ ਤੇ ਬਿਲਡੋਜਰ ਚਲਾਇਆ ਜਾਵੇ ਦੇ ਨਾਲ ਨਾਲ ਪੁਲਿਸ ਖਾਕੀ ਨੂੰ ਨਸ਼ਿਆਂ ਦੇ ਕਾਰੋਬਾਰ ਵਿੱਚ ਲਾ ਕੇ ਨੌਜਵਾਨੀ ਦੀਆਂ ਮੌਤਾਂ ਦੀ ਜੁਮੇਵਾਰ ਪੁਲਿਸ ਵਰਦੀ ਧਾਰੀਆਂ ਨੂੰ ਕੱਢਿਆ ਜਾਵੇ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਜੇ ਵਾੜ ਹੀ ਖੇਤ ਨੂੰ ਖਾਈ ਜਾਵੇ ਤਾਂ ਫਿਰ ਲੋਕਾਂ ਦੀ ਰਾਖੀ ਰੱਬ ਦੇ ਹੀ ਹਵਾਲਾ ਹੈ, ਇਸ ਕਰਕੇ ਖਾਕੀ ਵਰਦੀ ਨੂੰ ਬਦਨਾਮ ਕਰਨ ਵਾਲੀਆਂ ਕਾਲੀਆਂ ਭੇਡਾਂ ਨੂੰ ਪੁਲਿਸ ਵਿਚੋ ਕੱਢਿਆ ਜਾਵੇ, ਤਾਂ ਹੀ ਸਰਕਾਰ ਦੀ ਨਸ਼ਿਆਂ ਵਿਰੁੱਧ ਵਿੱਢੀ ਜੰਗ ਕਿਸੇ ਮੰਜ਼ਿਲ ਤੇ ਪਹੁੰਚ ਸਕਦੀ ਹੈ ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਇਆ ਜਾ ਸਕਦਾ ਹੈ, ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਨਾਲ ਫੈਡਰੇਸ਼ਨ ਦੇ ਸੀਨੀਅਰ ਆਗੂ ਭਾਈ ਸੁਰਿੰਦਰ ਸਿੰਘ ਆਦਮਪੁਰ ਜਲੰਧਰ ਸ਼ਾਮਲ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# 'ਸਿਹਤ ਸਭ ਤੋਂ ਵੱਡੀ ਦੌਲਤ' ਤਹਿਤ ਵਿਸ਼ਵ ਸਿਹਤ ਦਿਵਸ ਗੁਰੂ ਨਾਨਕ ਪਬਲਿਕ ਸਕੂਲ ਵਿਖੇ ਉਤਸ਼ਾਹ ਅਤੇ ਭਾਵਨਾ ਨਾਲ ਮਨਾਇਆ ਗਿਆ



**ਨਵੀਂ ਦਿੱਲੀ 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਗੁਰੂ ਨਾਨਕ ਪਬਲਿਕ ਸਕੂਲ, ਰਾਜੌਰੀ ਗਾਰਡਨ ਵਿਖੇ ਬੀਤੇ ਦਿਨ ਵਿਸ਼ਵ ਸਿਹਤ ਦਿਵਸ ਬਹੁਤ ਉਤਸ਼ਾਹ ਅਤੇ ਭਾਵਨਾ ਨਾਲ ਮਨਾਇਆ। ਇਹ ਸਮਾਗਮ ਚੰਗੀ ਸਿਹਤ ਅਤੇ ਸਮੁੱਚੀ ਤੰਦਰੁਸਤੀ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਆਯੋਜਿਤ ਕੀਤਾ ਗਿਆ ਸੀ। ਪ੍ਰੋਗਰਾਮ ਦੀ ਸ਼ੁਰੂਆਤ ਇੱਕ ਵਿਸ਼ੇਸ਼ ਸਭਾ ਨਾਲ ਹੋਈ ਜਿਸ ਵਿੱਚ 7ਵੀਂ, 8ਵੀਂ, 9ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀ ਸ਼ਾਮਲ ਸਨ। ਉਨ੍ਹਾਂ ਨੇ ਪ੍ਰੇਰਨਾਦਾਇਕ ਭਾਸ਼ਣ ਦਿੱਤੇ ਅਤੇ ਵਿਚਾਰਸ਼ੀਲ ਕਵਿਤਾਵਾਂ ਸੁਣਾਈਆਂ ਜੋ ਪੌਸ਼ਟਿਕ ਭੋਜਨ ਖਾਣ, ਨਿਯਮਤ ਸਰੀਰਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਅਤੇ ਇੱਕ ਸਕਾਰਾਤਮਕ ਮਾਨਸਿਕਤਾ ਨੂੰ ਪਾਲਣ ਵਰਗੀਆਂ ਸਿਹਤਮੰਦ ਆਦਤਾਂ ਅਪਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੰਦੀਆਂ ਸਨ। ਜਸ਼ਨ ਦੀ ਇੱਕ ਖਾਸ ਗੱਲ 8ਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੀ ਗਈ ਇੱਕ ਸੋਚ-ਉਕਸਾਊ ਸਕਿੱਟ ਸੀ। ਪ੍ਰਦਰਸ਼ਨ ਨੇ ਸਰੀਰਕ ਅਤੇ ਮਾਨਸਿਕ ਸਿਹਤ ਦੋਵਾਂ 'ਤੇ ਗੈਰ-ਸਿਹਤਮੰਦ ਜੀਵਨ ਸ਼ੈਲੀ ਦੇ ਵਿਕਲਪਾਂ ਦੇ ਮਾੜੇ ਪ੍ਰਭਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ। ਇਸਦਾ ਅੰਤ ਇੱਕ ਸ਼ਕਤੀਸ਼ਾਲੀ ਸੰਦੇਸ਼ ਨਾਲ ਹੋਇਆ ਜਿਸ ਵਿੱਚ ਸਾਰਿਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਵੱਲ ਸੁਚੇਤ ਯਤਨ ਕਰਨ ਲਈ ਉਤਸ਼ਾਹਿਤ ਕੀਤਾ ਗਿਆ। ਇਹ ਸਮਾਗਮ ਵਿਦਿਅਕ ਅਤੇ ਪ੍ਰੇਰਣਾਦਾਇਕ ਦੋਵੇਂ ਸੀ, ਜਿਸਨੇ ਸਾਰੇ ਹਾਜ਼ਰੀਨ 'ਤੇ ਇੱਕ ਸਥਾਈ ਪ੍ਰਭਾਵ ਛੱਡਿਆ। ਇਸਨੇ ਸਦੀਵੀ ਸੰਦੇਸ਼ ਨੂੰ ਹੋਰ ਮਜ਼ਬੂਤ ਕੀਤਾ ਕਿ "ਸਿਹਤ ਸਭ ਤੋਂ ਵੱਡੀ ਦੌਲਤ ਹੈ।" ਸਕੂਲ ਦੇ ਪ੍ਰਧਾਨ ਸਰਦਾਰ ਹਰਮਨਜੀਤ ਸਿੰਘ, ਚੇਅਰਮੈਨ ਸਰਦਾਰ ਰਾਜਾ ਬਲਦੀਪ ਸਿੰਘ, ਮੈਨੇਜਰ ਸਰਦਾਰ ਜਗਜੀਤ ਸਿੰਘ, ਪ੍ਰਿੰਸੀਪਲ ਮਨਪ੍ਰੀਤ ਕੌਰ ਨੇ ਬੱਚਿਆਂ ਵਲੋਂ ਕੀਤੇ ਗਏ ਪ੍ਰੋਗਰਾਮ ਦੀ ਸਰਾਹਨਾ ਕੀਤੀ ।

# ਸ੍ਰ ਸਤਿਨਾਮ ਸਿੰਘ ਖੰਡਾ , ਸ੍ਰ ਸਤਿਨਾਮ ਸਿੰਘ ਤੇ ਸ੍ਰ ਤਰਲੋਕ ਸਿੰਘ ਦੀਆਂ ਸੇਵਾਵਾਂ ਬਹਾਲ ਹੋਣ



**ਅੰਮ੍ਰਿਤਸਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਕਾਲ ਤਖ਼ਤ ਸਾਹਿਬ ਤੇ ਫ਼ੈਸਲਿਆਂ ਵਿਚ ਭਾਈ ਮੰਗਲ ਸਿੰਘ ਦਾ ਬੈਠਣਾ, ਜਿੰਨਾ ਪੰਜ ਪਿਆਰਿਆਂ ਵਿਚ ਸ਼ਾਮਲ ਹੋ ਕੇ ਸ੍ਰ ਪ੍ਰਕਾਸ਼ ਸਿੰਘ ਬਾਦਲ ਨੂੰ ਪੰਥ ਵਿੱਚੋਂ ਖਾਰਜ ਕੀਤਾ ਸੀ, ਇਹ ਭਾਈ ਸਤਿਨਾਮ ਸਿੰਘ ਖੰਡਾ ਦੀ ਅਗਵਾਈ ਵਿਚ ਵਾਪਰਿਆ ਸੀ। ਜਿੰਨਾਂ ਕਾਰਨਾਂ ਕਰਕੇ ਪੰਥ ਵਿੱਚੋਂ ਖਾਰਜ ਕੀਤਾ ਸੀ ਉਹੀ ਗੱਲਾਂ ਸ੍ਰ ਸੁਖਬੀਰ ਸਿੰਘ ਬਾਦਲ ਨੇ 2 ਦਸੰਬਰ ਨੂੰ ਅਕਾਲ ਤਖ਼ਤ ਤੇ ਮੰਨੀਆਂ ਤੇ ਉਸੇ ਕਰਕੇ ਸ੍ਰ ਪ੍ਰਕਾਸ਼ ਸਿੰਘ ਬਾਦਲ ਦਾ ਫਖਰ ਏ ਕੌਮ ਵਾਪਿਸ ਲਿਆ ਗਿਆ ਸੀ। ਪਰ ਉਦੋਂ ਇਸ ਇਤਿਹਾਸਕ ਫੈਸਲੇ ਤੇ ਪੰਥ ਦੀ ਭਾਵਨਾ ਦੀ ਤਰਜਮਾਨੀ ਕਰਨ ਵਾਲੇ ਸ੍ਰ ਸਤਿਨਾਮ ਸਿੰਘ ਖੰਡਾ, ਸ੍ਰ ਸਤਿਨਾਮ ਸਿੰਘ, ਭਾਈ ਮੰਗਲ ਸਿੰਘ, ਭਾਈ ਮੇਜਰ ਤੇ ਭਾਈ ਤਰਲੋਕ ਸਿੰਘ ਨੂੰ ਨੋਕਰੀ ਤੋ ਫਾਰਗ ਕਰ ਦਿੱਤਾ ਸੀ। ਅੱਜ ਵੀ ਸ੍ਰ ਸਤਿਨਾਮ ਸਿੰਘ ਖੰਡਾ , ਸ੍ਰ ਸਤਿਨਾਮ ਸਿੰਘ ਤੇ ਸ੍ਰ ਤਰਲੋਕ ਸਿੰਘ, ਸ਼੍ਰੋਮਣੀ ਕਮੇਟੀ ਤੋ ਬਾਹਰ ਹਨ। ਉਹਨਾਂ ਨੇ ਕੌਮ ਲਈ ਲੰਮੀ ਲੜਾਈ ਲੜੀ ਹੈ, ਉਹਨਾਂ ਦੀਆਂ ਸੇਵਾਵਾਂ ਵੀ ਬਹਾਲ ਹੋਣੀਆਂ ਚਾਹੀਦੀਆਂ ਹਨ ਤੇ ਉਹਨਾਂ ਦਾ ਸਨਮਾਨ ਵੀ ਅਕਾਲ ਤਖਤ ਵਲੋਂ ਹੋਣਾ ਚਾਹੀਦਾ ਹੈ।

# ਪਿੰਡ ਨਡਾਲੋਂ ਦੇ ਸ਼੍ਰੀ ਰਾਮ ਮੰਦਰ ਵਿਖੇ ਸ਼੍ਰੀ ਰਾਮ ਨੋਮੀ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ

**ਗੜ੍ਹਸ਼ੰਕਰ, 08 ਅਪ੍ਰੈਲ ( ਨਰਿੰਦਰ )**-ਪਿੰਡ ਨਡਾਲੋਂ ਵਿਖੇ ਸ਼੍ਰੀ ਸ਼੍ਰੀ 1008 ਬਾਬਾ ਧਿਆਨ ਦਾਸ ਜੀ ਦੀ ਅਪਾਰ ਕਿਰਪਾ ਨਾਲ ਸ਼੍ਰੀ ਰਾਮ ਮੰਦਰ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਅਤੇ ਸ਼੍ਰੀ ਰਾਮ ਮੰਦਰ ਨਡਾਲੋਂ ਵੱਲੋਂ ਸ਼੍ਰੀ ਰਾਮ ਨੋਮੀ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਮੰਦਰ ਦੇ ਮੁੱਖ ਸੇਵਾਦਾਰ ਮਹੰਤ ਚਤੁਰ ਭੁਜ ਦਾਸ ਜੀ ਨਡਾਲੋਂ ਦੀ ਅਗਵਾਈ ਹੇਠ ਸ਼ਰਧਾ ਭਾਵਨ ਨਾਲ ਸਜਾਈ ਗਈ। ਇਸ ਮੌਕੇ ਮਹੰਤ ਚਤੁਰ ਭੁਜ ਦਾਸ ਨਡਾਲੋਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਵਿਸ਼ਾਲ ਸ਼ੋਭਾ ਯਾਤਰਾ ਸ੍ਰੀ ਰਾਮ ਮੰਦਰ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦੀ ਹੋਈ ਸ਼ਾਮ ਨੂੰ ਸਮਾਪਤੀ ਹੋਈ।

ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਮੌਕੇ ਵੱਖ ਵੱਖ ਮੁਹੱਲਿਆਂ ਵਿਚ ਸੰਗਤਾਂ ਵੱਲੋਂ ਸਵਾਗਤੀ ਗੇਟ ਲਗਾਕੇ ਅਤੇ ਸੰਗਤਾ ਵੱਲੋ ਫੁੱਲਾਂ ਦੀ ਵਰਖਾ ਕਰਕੇ ਸੰਗਤਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਦੋਰਾਨ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਦੋਰਾਨ ਭਾਈ ਭਗਤ ਸਿੰਘ ਬੱਡੋ ਤੋ ਇਲਾਵਾ ਹੋਰ ਭਜਨ ਮੰਡਲੀਆਂ ਨੇ ਪ੍ਰਭੂ ਸ਼੍ਰੀ ਰਾਮ ਚੰਦਰ ਜੀ ਦੇ ਗੁਣਗਾਨ ਕੀਤੇ। ਇਸ ਮੌਕੇ ਸੰਤ ਮਹਾਂਪੁਰਸ਼ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਮੌਕੇ ਸ਼੍ਰੀ ਰਾਮ ਚੰਦਰ ਜੀ ਦੇ ਜੀਵਨ ਕਾਲ ਵਿੱਚ ਸੰਬੰਧਿਤ ਸੁੰਦਰ ਝਾਕੀਆਂ ਕੱਢੀਆਂ ਗਈਆਂ।




### ਚਰਚਿਤ ਅਦਾਕਾਰ ਦਰਸ਼ਨ ਘਾਰੂ ਦੀ

# ਵਿਲੱਖਣ ਖੂਬਸੂਰਤ ਅਦਾਕਾਰੀ ਦਰਸ਼ਕਾਂ ਦੇ ਸਿਰ ਚੜ੍ਹ ਬੋਲਦੀ










ਪੰਜਾਬੀ ਫਿਲਮ ਇੰਡਸਟ੍ਰੀਜ ਵਿਚ ਬਹੁਤ ਸਾਰੀਆ ਅਜਿਹੀਆਂ ਮਾਣਮੱਤੀਆਂ ਸਖਸ਼ੀਅਤਾਂ ਅਜਿਹੀਆਂ ਹਨ, ਜਿੰਨਾ ਦੀ ਦਿਨ ਰਾਤ ਦੀ ਮਿਹਨਤ ਤੇ ਅਦਾਕਾਰੀ ਸਿਨੇਮਾ ਪ੍ਰੇਮੀਆਂ ਦੇ ਸਿਰ ਚੜ੍ਹ ਬੋਲਦੀ ਹੈ। ਮੈ ਅਜਿਹੀ ਹੀ ਇਕ ਸਖਸ਼ੀਅਤ ਨੂੰ ਤੁਹਾਡੇ ਸਨਮੁੱਖ ਕਰਨ ਜਾ ਰਿਹਾ ਹਾਂ, ਜਿਨਾਂ ਦੀ ਬੇਮਿਸਾਲ ਅਦਾਕਾਰੀ ਬਾਲੀਵੁੱਡ, ਪਾਲੀਵੁੱਡ ਤੇ ਟਾਲੀਵੁੱਡ ਵਿਚ ਆਪਣਾ ਵੱਖਰਾ ਅਧਾਰ ਪੇਸ਼ ਕਰਦੀ ਹੈ।

ਉਸ ਚਰਚਿਤ ਸਖਸ਼ੀਅਤ ਦਾ ਨਾਮ ਹੈ "ਦਰਸ਼ਨ ਘਾਰੂ, ਓਨਾਂ ਦਾ ਜਨਮ ਸਰਦਾਰ ਗੁਰਨਾਮ ਸਿੰਘ ਦੇ ਘਰ ਮਾਤਾ ਨਿਹਾਲ ਕੌਰ ਦੇ ਕੁੱਖੋ ਪਿੰਡ ਬੋਹਾ ਜ਼ਿਲਾ ਮਾਨਸਾ ਵਿਚ ਹੋਇਆਂ। ਪਰ ਅੱਜ ਕੱਲ੍ਹ ਓਨਾਂ ਦਾ ਆਸ਼ੀਆਨਾ ਮੋਹਾਲੀ ਸੰਨੀ ਇਨਕਲੇਵ ਵਿੱਚ ਹੈ।

ਜੇਕਰ ਓਨਾਂ ਦੇ ਪੰਜਾਬੀ ਟੀ.ਵੀ ਸੀਰੀਅਲ ਦੀ ਗੱਲ ਕਰੀਏ ਤਾਂ ਓਨਾਂ ਦੇ 'ਐਮ.ਐਚ.ਵਨ' , ਜਲੰਧਰ ਦੂਰਦਰਸ਼ਨ, ਪੰਜਾਬ ਚੈਨਲ ਤੇ ਲਿਸ਼ਕਾਰਾ ਚੈਨਲ ਆਦਿ ਦਰਸ਼ਕਾਂ ਦਾ ਮਨੋਰੰਜਨ ਕਰਦੇ ਰਹੇ। ਓਨਾਂ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਨਾਲ "ਜੁਗਨੂੰ ਹਾਜਿਰ ਹੈ÷, ਕਾਟੋ ਫੁੱਲਾਂ ਤੇ , ਦਾ ਗ੍ਰੇਟ ਕਮੇਡੀ ਸੋਅ, ਕੇਹਰ ਸਿੰਘ ਦੀ ਮੌਤ, ਕਰੇਜੀ ਥਾਣਾਂ, ਸਿਰਨਾਵਾਂ ਤੇ ਸੰਦਲੀ ਪੈੜਾਂ ਆਦਿ ਹਨ।

ਓਨਾਂ ਦੀਆਂ ਵੈੱਬਸੀਰੀਜ਼ ਟੂੰਮਾਂ, ਤੇਜਾ ਨਗੋਰੀ, ਪਰਛਾਵੇ ਤੇ ਅਣਖ ਚੈਨਲਾਂ ਦੀ ਸਾਨ ਬਣੇ।

ਇਸ ਤੋ ਇਲਾਵਾ ਲਘੂ ਫਿਲਮ 'ਝਨਾਅ ਦਾ ਪਾਣੀ' , ਮਾਮੇ ਹੀਰ ਦੇ 2" ਓਨਾਂ ਦੀ ਆਪਣੀ ਹੱਥ ਲਿਖਤ ਹੈ , ਹਮਰੇ ਸਰਦਾਰ ਜੀ, ਕੈਰਮ ਬੋਰਡ, ਟੇਪ ਰਿਕਾਰਡਰ, ਵੈੱਬਸੀਰੀਜ਼ ਦੀਵੇ ਵਾਂਗ ਬਲਦੀ ਅੱਖ, ਤੀਵੀਆਂ ,ਸੱਕ ਤੇ ਸੂਈ, ਬੰਤਾਂ ਵੈਲੀ ਤੇ ਕੋਹਲੀ ਤੇ ਕਿਰਾਏਦਾਰ ਵੈੱਬਸੀਰੀਜ਼ ਦੇ 10 ਕਿਸ਼ਤਾਂ 'ਦਰਸ਼ਨ ਘਾਰੂ ਜੀ' ਖੁਦ ਲਿਖੀਆਂ ਸਨ ਅਤੇ ਵੈੱਬਸੀਰੀਜ਼ 'ਇਕ ਰਮਾਇਣ ਹੋਰ', ਰੂਮ ਨੰਬਰ 302, 'ਉਜੜੇ ਖੂਹਾਂ ਦਾ ਪਾਣੀ' ਆਦਿ ਬਾਕਮਾਲ ਦੀ ਅਦਾਕਾਰੀ ਕਰ ਵਾਹ ਵਾਹ ਖੱਟੀ।

ਏਸੇ ਤਰਾਂ ਹੀ ਪੜਾਅ ਦਰ ਪੜਾਅ ਓਹ ਪੰਜਾਬੀ ਫੀਚਰ ਫ਼ਿਲਮਾਂ ਵੱਲ ਵਧੇ ਅਤੇ ਕਈ ਦਿਗਜ ਅਦਾਕਾਰ ਨਾਲ ਕੰਮ ਕੀਤਾ। ਪੰਜਾਬੀ ਫੀਚਰ ਫ਼ਿਲਮ ''ਮਿੰਦੋ ਤਹਿਸੀਲਦਾਰਨੀ,ਟੈਲੀਵਿਜ਼ਨ, ਸਾਊ ਮੁੰਡੇ, ਯੋਧਾ, ਡਾਕੂਆਂ ਦਾ ਮੁੰਡਾ 2, ਬਸੰਤ ਕੌਰ, ਗੋਲਗੱਪੇ, ਉੱਲੂ ਦੇ ਪੱਠੇ, ਤੇ ਟੇਪ ਰਿਕਾਰਡਰ ਤੋ ਇਲਾਵਾ ਹਿੰਦੀ ਸੀਰੀਅਲ 'ਕਰਾਇਮ ਪੈਟਰੋਲ', ਸਾਵਧਾਨ ਇੰਡੀਆ ਤੇ ਉਮੀਓ ਕਾ ਡੇਰਾ' ਰਾਹੀ ਦਰਸ਼ਕਾਂ ਤੇ ਚੰਗੇ ਅਦਾਕਾਰ ਵਜੋ ਅਮਿੱਟ ਛਾਪ ਛੱਡੀ।

ਓਨਾਂ ਨੇ ਗੱਲਬਾਤ ਦੌਰਾਨ ਦੱਸਿਆਂ ਕਿ ਓਹ ਚਾਇਨਾ ਵਿਚ ਵੀ ਚਾਰ ਫਿਲਮਾਂ ਕੀਤੀਆਂ ਤੇ ਬਹੁਤ ਜਲਦ ਓਨਾਂ ਦੀਆਂ ਦੋ ਫੀਚਰ ਫ਼ਿਲਮਾਂ ਅਤੇ ਇਕ ਕਰਾਇਮ ਵੈੱਬਸੀਰੀਜ਼ ਬਣਨ ਜਾ ਰਹੀ ਹੈ।

ਚਰਚਿਤ ਅਦਾਕਾਰ ਦਰਸ਼ਨ ਘਾਰੂ ਜੀ ਦਾ ਬੇਟਾ "ਸਾਹਿਲਵੀਰ " ਕੈਰਮ ਬੋਰਡ ਲਘੂ ਫ਼ਿਲਮ ਵਿਚ ਬਾਲ ਅਦਾਕਾਰ ਵਜੋ ਪਾਲੀਵੁੱਡ ਵਿੱਚ ਇੰਟਰੀ ਕਰ ਚੁੱਕੇ ਹਨ। ਪ੍ਰਮਾਤਮਾ ਚੜਦੀ ਕਲਾ ਵਿੱਚ ਰੱਖੇ, 'ਅਦਾਕਾਰ ਦਰਸ਼ਨ ਘਾਰੂ ਜੀ' ਦਾ ਫ਼ਿਲਮੀ ਸਫ਼ਰ ਬੁਲੰਦੀਆਂ ਛੂਹੇ । ਆਮੀਨ

**-ਸ਼ਿਵਨਾਥ ਦਰਦੀ ਫ਼ਰੀਦਕੋਟ**
**ਫ਼ਿਲਮ ਜਰਨਲਿਸਟ**